ਅੱਜ ਬੁੱਢਾ ਦਲ ਪੰਜਵੇ ਤਖ਼ਤ ਵਲੋਂ ਸੱਚਖੰਡ ਵਾਸੀ: ਸਿੰਘ ਸਾਹਿਬ ਬਾਬਾ ਚੇਤ ਸਿੰਘ ਜੀ ਜ: 96 ਕਰੋੜੀ ਬੁੱਢਾ ਦਲ ਜੀ ਦੀ 57ਵੀਂ ਅਤੇ ਬਾਬਾ ਸੰਤਾ ਸਿੰਘ ਜੀ ਜ: 96 ਕਰੋੜੀ ਬੁੱਢਾ ਦਲ ਜੀ ਦੀ 17ਵੀਂ ਬਰਸੀ ਤਲਵੰਡੀ ਸਾਬੋ, ਵਿਖੇ ਮਨਾਈ ਗਈ, ਜਿਸ ਵਿੱਚ ਕੀਰਤਨ ਦਰਬਾਰ ਸਜਾਏ ਗਏ ਅਤੇ ਗੁਰੂ ਗ੍ਰੰਥ ਸਹਿਬ ਜੀ ਅੱਗੇ ਅਰਦਾਸ ਕੀਤੀ ਗਈ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਕੁਲਦੀਪ ਸਿੰਘ ਗੜਗੱਜ ਵਲੋਂ ਤਖਤਾਂ ਨੂੰ ਆਪਸ ਵਿਚ ਲੜਾ ਕੇ

# ਸ੍ਰੀ ਅਕਾਲ ਤਖਤ ਸਾਹਿਬ ਦੀ ਮਹਾਨਤਾ ਰੋਲੀ ਜਾ ਰਹੀ ਹੈ: ਯੂਨਾਈਟਿਡ ਖਾਲਸਾ ਦਲ ਯੂਕੇ

**ਨਵੀਂ ਦਿੱਲੀ 22 ਮਈ (ਮਨਪ੍ਰੀਤ ਸਿੰਘ ਖਾਲਸਾ)**-ਬੀਤੇ ਦਿਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਨੂੰ ਜ਼ਰੀਆ ਤੱਕ ਆਖ ਕੇ ਗੁਰੂ ਸਾਹਿਬ ਦਾ ਅਪਮਾਨ ਕਰਨ ਵਾਲੇ ਰਣਜੀਤ ਸਿੰਘ ਢੱਡਰੀਆਂ ਵਾਲੇ ਦੇ ਪ੍ਰਚਾਰ ਤੇ ਸ੍ਰੀ ਅਕਾਲ ਤਖਤ ਸਾਹਿਬ ਵਲੋਂ ਲਗਾਈ ਗਈ ਪਾਬੰਦੀ ਨੂੰ ਬਿਨਾਂ ਕਿਸੇ ਸਜ਼ਾ ਲਗਾਏ ਖਤਮ ਕਰਨ ਦਾ ਐਲਾਨ ਕੀਤਾ ਗਿਆ।ਇਹ ਐਲਾਨ ਕਰਨ ਵਾਲੇ ਭਾਈ ਕੁਲਦੀਪ ਸਿੰਘ ਗੜਗੱਜ ਅਤੇ ਇਸਦੇ ਪਿੱਛੇ ਇਸ ਦੇ ਰਿਮੋਟ ਕੰਟਰੋਲ ਸੁਖਬੀਰ ਸਿੰਘ ਬਾਦਲ ਅਤੇ ਪਰਮਜੀਤ ਸਿੰਘ ਸਰਨਾ ਹਨ ।ਪਿਛਲੇ ਕਈ ਦਹਾਕਿਆਂ ਤੋਂ ਸਿੱਖਾਂ ਅਤੇ ਸਿੱਖੀ ਦੀ ਕਾਤਲ ਜਮਾਤ ਕਾਂਗਰਸ ਦੇ ਫੀਲੇ ਪਰਮਜੀਤ ਸਿੰਘ ਸਰਨਾ ਅਤੇ ਸਿੱਖਾਂ ਅਤੇ ਸਿੱਖੀ ਨਾਲ ਵਿਸ਼ਵਾਸ਼ਘਾਤ ਕਰਨ ਵਾਲੇ ਕੌਮੀ ਗੱਦਾਰ ਬਾਦਲਕਿਆਂ ਦੇ ਭ੍ਰਿਸ਼ਟ ਲਾਣੇ ਦੀ ਜਦੋਂ ਦੋ ਕੁ ਸਾਲ ਪਹਿਲਾਂ ਹੋਈ ਏਕਤਾ ਦੇ ਦਾਜ ਵਿੱਚ ਹੁਣ ਭਾਈ ਕੁਲਦੀਪ ਸਿੰਘ ਗੜਗੱਜ ਵੀ ਆ ਗਿਆ ਹੈ। ਜਿਸ ਤਰੀਕੇ ਨਾਲ ਰਾਤ ਦੇ ਹਨੇਰੇ ਵਿੱਚ, ਖਾਲਸਾ ਪੰਥ ਦੀਆਂ ਪ੍ਰਵਾਨਿਤ ਧਿਰਾਂ ਤੋਂ ਚੋਰੀ ਇਸਦੀ ਦਸਤਾਰ ਬੰਦੀ ਕੀਤੀ ਗਈ ਸੀ ਉਹ ਵੀ ਇਤਿਹਾਸ ਵਿੱਚ ਪਹਿਲੀ ਵਾਰ ਹੀ ਹੋਇਆ ਹੈ । ਯੂਨਾਈਟਿਡ ਖਾਲਸਾ ਦਲ ਯੂਕੇ ਵਲੋਂ ਇਸ ਵਰਤਾਰੇ ਦੀ ਸਖਤ ਨਿਖੇਧੀ ਕੀਤੀ ਗਈ ਹੈ। ਯੂਨਾਈਟਿਡ ਖਾਲਸਾ ਦਲ ਯੂ,ਕੇ ਦੇ ਪ੍ਰਧਾਨ ਭਾਈ ਨਿਰਮਲ ਸਿੰਘ ਸੰਧੂ ਅਤੇ ਜਨਰਲ ਸਕੱਤਰ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਇਸ ਬਾਬਤ ਕੁਲਦੀਪ ਸਿੰਘ ਗੜਗਜ ਇਕ ਸਵਾਲਨਾਮਾ ਜਾਰੀ ਕਰਦਿਆਂ ਪੁੱਛਿਆ ਕਿ ਰਣਜੀਤ ਸਿੰਘ ਢੱਡਰੀਆਂ ਤੇ ਲੱਗੀ ਪਾਬੰਦੀ ਖਤਮ ਕਰਨ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਇਹ ਕਿਉਂ ਨਹੀਂ ਪੁੱਛਿਆ ਗਿਆ ਕਿ ਇਹ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰੂ ਨਹੀਂ ਜਰੀਆ ਕਿਉਂ ਪ੍ਰਚਾਰਦਾ ਹੈ ? ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਮਹਾਰਾਜ ਨੂੰ ਆਪਣੇ ਵਾਂਗ ਆਮ ਇੰਨਸਾਨ ਮੰਨ ਕੇ ਕਿਉਂ ਪ੍ਰਚਾਰਦਾ ਹੈ ? ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਨੂੰ ਆਮ ਬਿਲਡਿੰਗ ਆਖਦਾ ਤੇ ਆਪਣੇ ਡੇਰੇ ਨੂੰ ਪ੍ਰਮੇਸ਼ਰ ਦਵਾਰ ਆਖ ਕੇ ਸ੍ਰੀ ਦਰਬਾਰ ਸਾਹਿਬ ਦਾ ਨਿਰਾਦਰ ਕਿਉਂ ਕਰਦਾ ਹੈ ? ਗਿਆਨ ਅਤੇ ਸਾਇੰਸ ਨੂੰ ਰੱਬ ਪ੍ਰਚਾਰ ਕੇ ਜੁੱਗੋ ਜੁੱਗ ਅਟੱਲ ਗੁਰਬਾਣੀ ਨਿਰਾਦਰ ਕਿਉਂ ਕਰਦਾ ਹੈ ? ਸਿੱਖ ਇਤਿਹਾਸ ਨੂੰ ਇਤਿਹਾਸ ਨੂੰ ਬੰਦੇ ਦਾ ਲਿਖਿਆ ਹੋਇਆ ਆਖ ਕੇ ਭੰਡਦਾ ਹੈ ? ਅੰਮ੍ਰਿਤ ਸਰੋਵਰ ਨੂੰ ਆਮ ਪਾਣੀ ਤੇ ਤਲਾਬ ਕਹਿ ਕੇ ਛੁਟਿਆਉਂਦਾ ਹੈ ? ਗੁਰੂ ਸਾਹਿਬਾਨ ਨਾਲੋਂ ਸਾਇੰਸ ਤੇ ਵੱਧ ਯਕੀਨ ਰੱਖਣ ਲਈ ਆਖਦਾ ਹੈ ? ਪੁਰਾਤਨ ਗ੍ਰੰਥ ਸਾਹਿਬਾਂ ਨੂੰ ਨਹੀਂ ਮੰਨਦਾ ਅਤੇ ਪੰਥ ਚੋ ਛੇਕੇ ਹੋਏ ਦੁਸ਼ਟਾਂ ਨਾਲ ਸਾਂਝ ਭਿਆਲਤਾ ਰੱਖਕੇ ਉਹਨਾਂ ਦੀ ਹਾਮੀ ਭਰਦਾ ਹੈ ? ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਸ੍ਰੀ ਦਸਮ ਗ੍ਰੰਥ ਸਾਹਿਬ ਖਿਲਾਫ ਕੂੜ ਪ੍ਰਚਾਰ ਕਿਉਂ ਕਰਦਾ ਹੈ ? ਗੁਰੂ ਸਿਧਾਂਤ ਤੋਂ ਉਲਟ ਚੱਲ ਕੇ ਸੰਗਤ ਨੂੰ ਸ਼ਸਤਰਹੀਣ ਕਰਦਾ ਹੋਇਆ ਕਹਿ ਰਿਹਾ ਹੈ ਕਿ ਅੱਜ ਸ਼ਸਤਰਾਂ ਦੀ ਲੋੜ ਨਹੀਂ ਹੈ ? ਸਾਹਿਬ ਸ੍ਰੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਗੁਰਬਾਣੀ ਕਥਾ ਦੀ ਬਜਾਏ ਚੁਟਕਲੇ, ਬੋਲੀਆਂ, ਹਾਸੋਹੀਣੀਆਂ ਘਟੀਆਂ ਮਨਘੜਤ ਗੱਲਾਂ ਕਰ ਕੇ ਸੰਗਤ ਨੂੰ ਪੁੱਠੇ ਪਾਸੇ ਕਿਉਂ ਲਾਉਂਦਾ ਹੈ ? ਇੱਥੋ ਤੱਕ ਕਹਿ ਰਿਹਾ ਕਿ ਗੁਰੂ ਸਾਹਿਬਾਨ ਨੇ ਗ਼ਲਤੀਆਂ ਕੀਤੀਆਂ ਅਤੇ ਉਹ ਵੀ ਮੇਰੇ ਵਾਂਗ ਆਮ ਇੰਨਸਾਨ ਸਨ ? ਵਾਹਿਗੁਰੂ ਗੁਰਮੰਤਰ ਦੇ ਜਾਪ ਨੂੰ ਤੋਤਾ ਰਟਨ ਆਖਕੇ ਹੱਸਦਾ ਹੈ ? ਇਹਨਾਂ ਸਵਾਲਾਂ ਦੇ ਜਵਾਬ ਸ੍ਰੀ ਅਕਾਲ ਤਖਤ ਸਾਹਿਬ ਇਸ ਪਾਸੇ ਨਾ ਲੈਣਾ ਇਹ ਸੰਕੇਤ ਹੈ ਕਿ ਇਸਨੂੰ ਪੁਰਾਤਨ ਸੰਪਰਦਾਵਾਂ ਦੇ ਖਿਲਾਫ ਖੜਾ ਕਰਨ ਦੀ ਹਿੰਦੂਤਵੀ ਲਾਬੀ ਦੀ ਚਾਲ ਹੈ। ਭਾਈ ਕੁਲਦੀਪ ਸਿੰਘ ਗੜਗੱਜ ਵਲੋਂ ਜਿਸ ਤਰਾਂ ਘਰ ਘਰ ਜਾ ਕੇ ਦਸਤਾਰਾਂ ਪ੍ਰਾਪਤ ਕੀਤੀਆਂ ਜਾ ਰਹੀਆਂ ਹਨ ਇਹ ਵਰਤਾਰਾ ਵੀਂ ਸਿੱਖ ਇਤਿਹਾਸ ਵਿੱਚ ਪਹਿਲੀ ਵਾਰ ਹੋ ਰਿਹਾ ਹੈ ਕਿ ਅਕਾਲ ਤਖਤ ਦਾ ਜੱਥੇਦਾਰ ਘਰਾਂ ਤੋਂ ਦਸਤਾਰਾਂ ਇੱਕਠੀਆਂ ਕਰ ਰਿਹਾ ਹੈ ।ਜਦਕਿ ਕੁਲਦੀਪ ਸਿੰਘ ਦੀ ਜਥੇਦਾਰੀ ਦਾ ਛੱਜ ਬੰਨ੍ਹਉਣ ਵਾਲਾ ਸਾਬਕਾ ਕਾਂਗਰਸੀ ਸਿੱਖ ਕੌਮ ਦੇ ਕਾਂਗਰਸੀ ਕਾਤਲਾਂ ਨੂੰ ਸਨਮਾਨਿਤ ਕਰਦਾ ਰਿਹਾ ਹੈ । ਖਾੜਕੂਆਂ ਵਲੋਂ ਸੋਧੇ ਗਏ ਫਿਰਕਾਪ੍ਰਸਤ ਅਖਬਾਰ ਜੱਗ ਬਾਣੀ ਦੇ ਮਾਲਕ ਅਤੇ ਸੰਪਾਦਕ ਰਮੇਸ਼ ਚੰਦਰ ਨੂੰ ਮਹਾਨ ਸ਼ਹੀਦ ਆਖਣ ਵਾਲੇ ਇਸ ਪਰਮਜੀਤ ਸਿੰਘ ਸਰਨਾ ਨੂੰ ਕੋਈ ਹੱਕ ਨਹੀਂ ਕਿ ਉਹ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਬੰਧੀ ਕਿਸੇ ਕਿਸਮ ਦਾ ਰੋਲ ਅਦਾ ਕਰੇ । ਸਿੱਖ ਕੌਮ ਨੂੰ ਸਿੰਘ ਸਾਹਿਬ ਸ਼ਹੀਦ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਵਰਗਾ ਜਥੇਦਾਰ ਚਾਹੀਦਾ ਹੈ ਨਾ ਕਿ ਕੁਲਦੀਪ ਸਿੰਘ ਗੜਗੱਜ ਵਰਗਾ ।ਪੰਜਾਬ ਵਿੱਚ ਸਿੱਖ ਜਥੇਬੰਦਆਂ ਦਾ ਫਰਜ਼ ਹੈ ਕਿ ਇਸ ਕੁਲਦੀਪ ਸਿੰਘ ਗੜਗੱਜ ਦਾ ਡੱਟ ਕੇ ਵਿਰੋਧ ਕੀਤਾ ਜਾਵੇ। ਬਾਦਲਕਿਆਂ ਵਲੋਂ ਸਿੱਖ ਕੌਮ ਵਾਸਤੇ ਬਹੁਤ ਵੱਡੀ ਉਲਝਣ ਖੜੀ ਕੀਤੀ ਜਾ ਰਹੀ ਹੈ।ਤਖਤਾਂ ਦੇ ਜਥੇਦਾਰਾਂ ਦਾ ਮਾਣ ਸਤਿਕਾਰ ਮਿੱਟੀ ਘੱਟੇ ਰੋਲ ਦਿੱਤਾ ਹੈ ਅਤੇ ਕੁਲਦੀਪ ਸਿੰਘ ਵਰਗੇ ਜਥੇਦਾਰੀ ਦਾ ਛੱਜ ਬੰਨ੍ਹਣ ਵਾਸਤੇ ਹੱਥ ਪੈਰ ਮਾਰ ਰਹੇ ਹਨ । ਯੂਨਾਈਟਿਡ ਖਾਲਸਾ ਦਲ ਯੂਕੇ ਵਲੋਂ ਖਦਸ਼ਾ ਪ੍ਰਗਟ ਕੀਤਾ ਗਿਆ ਕਿ ਕੁਲਦੀਪ ਸਿੰਘ ਗੜਗੱਜ ਵਲੋਂ ਅਗਲਾ ਕਦਮ ਦੋ ਦਸੰਬਰ ਵਾਲੇ ਫੈਂਸਲੇ ਬਦਲਣ ਕੋਸ਼ਿਸ਼ ਕੀਤੀ ਜਾਵੇਗੀ । ਜਦਕਿ ਇੱਕ ਪਾਸੇ ਕਿਹਾ ਜਾ ਰਿਹਾ ਹੈ ਕਿ ਦੋ ਦਸੰਬਰ 2024 ਵਾਲੇ ਫੈਂਸਲੇ ਇੰਨ ਬਿੰਨ ਲਾਗੂ ਹੋਣਗੇ, ਦੂਜੇ ਪਾਸੇ ਆਖਿਆ ਜਾ ਰਿਹਾ ਹੈ ਕਿ ਅਕਾਲ ਤਖਤ ਸਾਹਿਬ ਸਾਰੇ ਅਕਾਲੀ ਦਲਾਂ ਦਾ ਹੈ ਜਦਕਿ ਦੋ ਦਸੰਬਰ ਨੂੰ ਬਾਦਲ ਦਲ ਦੀ ਲੀਡਰਸ਼ਿਪ ਬਾਰੇ ਹੁਕਮ ਹੈ ਕਿ ਇਹ ਲੀਡਰਸ਼ਿਪ ਆਪਣਾ ਨੈਤਿਕ ਆਧਾਰ ਗਵਾ ਚੁੱਕੀ ਹੈ । ਤੀਜੇ ਪਾਸੇ ਕੁਲਦੀਪ ਸਿੰਘ ਗੜਗੱਜ ਵਲੋਂ ਪੰਜ ਮੈਂਬਰੀ ਕਮੇਟੀ ਨੂੰ ਹੱਲਾਸ਼ੇਰੀ ਦਿੱਤੀ ਜਾ ਰਹੀ ਹੈ ਅਤੇ ਨਾਲ ਹੀ ਨਜ਼ਰਸਾਨੀ ਦੀ ਗੱਲ ਆਖੀ ਜਾ ਰਹੀ ਹੈ । ਚੌਥੇ ਪਾਸੇ ਸ੍ਰੀ ਅਕਾਲ ਤਖਤ ਸਾਹਿਬ ਤੋ ਅਕਾਲੀ ਦਲ ਦੀ ਭਰਤੀ ਵਾਸਤੇ ਬਣਾਈ ਗਈ ਸੱਤ ਮੈਂਬਰੀ ਕਮੇਟੀ ਤੋਂ ਅਸਤੀਫਾ ਦੇ ਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੀ ਤੌਹੀਨ ਕਰਨ ਵਾਲੇ ਦੋ ਮੈਂਬਰ ਭਾਈ ਹਰਜਿੰਦਰ ਸਿੰਘ ਧਾਮੀ ਅਤੇ ਭਾਈ ਕਿਰਪਾਲ ਸਿੰਘ ਬਡੂੰਗਰ ਬਾਰੇ ਖਾਮੋਸ਼ ਹੈ । ਯੂਨਾਈਟਿਡ ਖਾਲਸਾ ਦਲ ਯੂ,ਕੇ ਵਲੋਂ ਮਹਿਸੂਸ ਕੀਤਾ ਗਿਆ ਹੈ ਕਿ ਦਰਅਸਲ ਜੱਥੇਦਾਰ ਕੁਲਦੀਪ ਸਿੰਘ ਨੂੰ ਖੁਦ ਨਹੀਂ ਪਤਾ ਕਿ ਉਹ ਕਹਿ ਕੀ ਰਹੇ ਹਨ ਤੇ ਕਰ ਕੀ ਰਹੇ ਹਨ ।



ਕੁਲਦੀਪ ਸਿੰਘ ਗੜਗੱਜ ਵਲੋਂ ਅਗਲਾ ਕਦਮ ਦੋ ਦਸੰਬਰ ਵਾਲੇ ਫੈਸਲੇ ਬਦਲਣ ਦੀ ਕੋਸ਼ਿਸ਼ ਦਾ ਹੋਵੇਗਾ

ਆਵਾਜ਼ਿ ਕੌਮ AWAZE QAUM International Newspaper & WEB TV

### ਲੋਕ ਪੱਖੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰਨ ਲਈ ਸਰਕਾਰ ਵਚਨਵੱਧ-ਈਟੀਓ

# ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ’ਚ ਹੋਇਆ ਭਾਰੀ ਵਾਧਾ

**ਜੰਡਿਆਲਾ ਗੁਰੂ 22 ਮਈ( ਕੁਲਵੰਤ ਸਿੰਘ ਵਿਰਦੀ )** – ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਜ਼ਮੀਨੀ ਪੱਧਰ ’ਤੇ ਕੰਮ ਕਰ ਰਹੀ ਹੈ।ਇਸੇ ਲੜੀ ਦੇ ਤਹਿਤ ਅਜੋਕੇ ਸਮੇਂ ਦੌਰਾਨ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਨੂੰ ਲੈ ਕੇ ਭਾਰੀ ਵਾਧਾ ਹੋਇਆ ਹੈ ਅਤੇ ਹੁਣ ਸਰਕਾਰੀ ਸਕੂਲਾਂ ਵਿਚ ਬੱਚਿਆਂ ਨੂੰ ਨਵੀ ਤਕਨੀਕ ਨਾਲ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ,ਜਿਸ ਵਿਚ ਵਾਈ ਫਾਈ ਦੀ ਸੁਵਿਧਾ, ਪ੍ਰੋਜੈਕਟਰ ਮਾਧਿਅਮ ਰਾਹੀ ਸਿੱਖਿਆ ਅਤੇ ਕੰਪਿਊਟਰ ਰਾਹੀ ਸਿੱਖਿਆ ਦਿੱਤੀ ਜਾ ਰਹੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਅੱਜ ਜੰਡਿਆਲਾ ਵਿਧਾਨ ਸਭਾ ਹਲਕਾ ਅਧੀਨ ਪੈਂਦੇ 2 ਸਰਕਾਰੀ ਸਕੂਲਾਂ ਦੇ ਨਵੀਨੀਕਰਨ ਦਾ ਉਦਘਾਟਨ ਕਰਨ ਉਪਰੰਤ ਕੀਤਾ। ਉਨ੍ਹਾ ਦੱਸਿਆ ਕਿ ਸਰਕਾਰ ਵਲੋ ਪ੍ਰਾਈਵੇਟ ਸਕੂਲਾਂ ਨੂੰ ਮਾਤ ਦੇਣ ਲਈ ਹੁਣ ਹਰੇਕ ਸਕੂਲ ਦੀ ਚਾਰਦੀਵਾਰੀ, ਨਵੇ ਸਮਾਟ ਕਲਾਸ ਰੂਮ, ਨਵੇ ਖੇਡ ਮੈਦਾਨ ਤਿਆਰ ਕੀਤੇ ਗਏ ਹਨ,ਜਿਥੇ ਬੱਚਿਆਂ ਨੂੰ ਸਿੱਖਿਆ ਦੇ ਨਾਲ ਨਾਲ ਖੇਡਾਂ ਨਾਲ ਵੀ ਜੋੜਿਆ ਜਾਵੇਗਾ। ਸ: ਈ.ਟੀ.ਓ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ ਨੂੰ ਬੁਲੰਦੀਆਂ ’ਤੇ ਲਿਜਾਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬੱਚਿਆਂ ਦੇ ਭਵਿੱਖ ਲਈ ਲਗਾਤਾਰ ਕੰਮ ਕਰਦੀ ਰਹੇਗੀ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੇ ਰਾਜ ਦੀ ਕਮਾਨ ਸੰਭਾਲਣ ਉਪਰੰਤ ਹੀ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀ ਲਿਆਉਣ ਲਈ ਕੰਮ ਕਰਨਾ ਸ਼ੁਰੂ ਕਰ ਦਿੱਤਾ ਸੀ। ਕੈਬਿਨਟ ਮੰਤਰੀ ਸ: ਈ.ਟੀ.ਓ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਤਿੰਨ ਸਾਲ ਦੇ ਕਾਰਜ ਕਾਲ ਦੌਰਾਨ ਸਰਕਾਰੀ ਸਕੂਲਾਂ ਵਿੱਚ ਵੱਡੇ ਪੱਧਰ ’ਤੇ ਸੁਧਾਰ ਹੋਏ ਹਨ। ਸਰਕਾਰ ਨੇ ਸੂਬੇ ਦੇ ਇਤਿਹਾਸ ਵਿਚ ਪਹਿਲੀ ਵਾਰ ਸਿੱਖਿਆ ਦੇ ਖੇਤਰ ਵਿਚ 12 ਫੀਸਦੀ ਬਜਟ ਦਾ ਵਾਧਾ ਕਰ ਕੇ ਇਤਿਹਾਸ ਸਿਰਜਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿਚ ਅਧਿਆਪਕਾਂ ਦੀ ਘਾਟ ਪੂਰੀ ਕਰਨ ਲਈ ਕਰੀਬ 20 ਹਜ਼ਾਰ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ।ਇਸ ਮੌਕੇ ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਸਰਕਾਰੀ ਐਲੀਮੈਂਟਰੀ ਸਕੂਲ ਰਸੂਲਪੁਰ ਖੁਰਦ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਹਿਰੀ ਮੰਡੀ ਵਿਖ ਕਰੀਬ 7 ਲੱਖ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਬਲਰਾਜ ਸਿੰਘ ਬਲਾਕ ਪ੍ਰਧਾਨ ਤਰਸਿਕਾ, ਸਵਰਨ ਸਿੰਘ ਬਲਾਕ ਪ੍ਰਧਾਨ, ਚੇਅਰਮੈਨ ਸੂਬੇਦਾਰ ਛਨਾਖ ਸਿੰਘ, ਜੁਗਰਾਜ ਸਿੰਘ ਕੋਆਡੀਨੇਟਰ ,ਅਮਰੀਕ ਸਿੰਘ ਦੇਵੀਦਾਸਪੁਰ ਅਤੇ ਸਕੂਲ ਦਾ ਸਮੁੱਚਾ ਸਟਾਫ ਅਤੇ ਪਿੰਡ ਦੀਆਂ ਪ੍ਰਮੁੱਖ ਸ਼ਖਸ਼ੀਅਤਾਂ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਕੌਮ ਦੀਆਂ ਸਰਵਉੱਚ ਸੰਸਥਾਵਾਂ ’ਚ ਆਪਸੀ ਮਤਭੇਦ ਕੌਮ ਦੇ ਹਿੱਤ ਵਿਚ ਨਹੀਂ- ਐਡਵੋਕੇਟ ਧਾਮੀ

ਨਵੀਂ ਦਿੱਲੀ, 22 ਮਈ (ਮਨਪ੍ਰੀਤ ਸਿੰਘ ਖਾਲਸਾ):– ਸਿੱਖ ਪੰਥ ਅੰਦਰ ਤਖ਼ਤ ਸਾਹਿਬਾਨ ਦੀ ਇਤਿਹਾਸਕ ਤੇ ਸਿਧਾਂਤਕ ਮਹਾਨਤਾ ਬਹੁਤ ਵੱਡੀ ਹੈ, ਜਿਸ ਦੇ ਮੱਦੇਨਜ਼ਰ ਇਨ੍ਹਾਂ ਦੇ ਸਤਿਕਾਰ ਨੂੰ ਬਰਕਰਾਰ ਰੱਖਣਾ ਕੌਮ ਦੀ ਵੱਡੀ ਜ਼ੁੰਮੇਵਾਰੀ ਹੈ। ਇਹ ਵਿਚਾਰ ਪ੍ਰਗਟ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ ਲੰਘੇ ਕੱਲ੍ਹ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਦੁਆਰਾ ਕੀਤੇ ਗਏ ਫੈਸਲਿਆਂ ਬਾਅਦ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਪੰਜ ਪਿਆਰਿਆਂ ਵੱਲੋਂ ਜਾਰੀ ਕੀਤੇ ਆਦੇਸ਼ ਨਾਲ ਕੌਮ ਅੰਦਰ ਚੰਗਾ ਸੁਨੇਹਾ ਨਹੀਂ ਗਿਆ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਥਕ ਸੰਸਥਾਵਾਂ ਅਤੇ ਪੰਥਕ ਮਸਲਿਆਂ ਨੂੰ ਸੰਜੀਦਗੀ ਨਾਲ ਹੀ ਹੱਲ ਕਰਨਾ ਚਾਹੀਦਾ ਹੈ ਅਤੇ ਇਸ ਲਈ ਆਪਸੀ ਵਿਚਾਰ- ਵਟਾਂਦਰੇ ਦਾ ਰਾਹ ਹੀ ਬਿਹਤਰ ਰਸਤਾ ਹੈ। ਉਨ੍ਹਾਂ ਆਖਿਆ ਕਿ ਕੌਮ ਦੀਆਂ ਸੰਸਥਾਵਾਂ ਅਤੇ ਤਖ਼ਤ ਸਾਹਿਬਾਨ ਤੋਂ ਪੂਰਾ ਸਿੱਖ ਜਗਤ ਪ੍ਰੇਰਣਾ ਲੈਂਦਾ ਹੈ, ਪ੍ਰੰਤੂ ਅਜਿਹੇ ਆਪਸੀ ਟਕਰਾਅ ਵਾਲੇ ਮਾਹੌਲ ਨਾਲ ਕੌਮ ਅੰਦਰ ਦੁਬਿਧਾ ਬਣੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਮੌਜੂਦਾ ਸਮਾਂ ਕੌਮ ਲਈ ਬੇਹੱਦ ਸੰਜੀਦਾ ਅਤੇ ਚੁਣੌਤੀਆਂ ਭਰਪੂਰ ਹੈ, ਜਿਸ ਨੂੰ ਵੇਖਦਿਆਂ ਸਿੱਖ ਸੰਸਥਾਵਾਂ ਨੂੰ ਇਕਜੁਟਤਾ ਨਾਲ ਅੱਗੇ ਵਧਣਾ ਪਵੇਗਾ। ਉਨ੍ਹਾਂ ਆਖਿਆ ਕਿ ਮੌਜੂਦਾ ਮਾਮਲੇ ਪ੍ਰਤੀ ਸਿੱਖ ਪ੍ਰੰਪਰਾਵਾਂ, ਸਿਧਾਂਤਾਂ ਅਤੇ ਸਰਬਉੱਚ ਸੰਸਥਾਵਾਂ ਦੇ ਵਕਾਰ ਨੂੰ ਬਰਕਰਾਰ ਰੱਖਣ ਦੇ ਯਤਨ ਵੱਲ ਵਧਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਉਹ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹੋਣ ਦੇ ਨਾਤੇ ਸੰਸਥਾਗਤ ਤੌਰ ’ਤੇ ਅਤੇ ਸਿੱਖ ਪੰਥ ਦਾ ਅੰਗ ਹੋਣ ਕਰਕੇ ਨਿੱਜੀ ਤੌਰ ’ਤੇ ਯਤਨ ਕਰਨਗੇ ਕਿ ਇਹ ਮਸਲਾ ਜਲਦ ਹੱਲ ਹੋਵੇ।



ਆਵਾਜ਼ਿ ਕੌਮ AWAZE QAUM International Newspaper & WEB TV

## ਖ਼ਾਲਿਸਤਾਨ ਵਿਰੋਧੀ ਬਿਰਤਾਂਤ ਨੂੰ ਤੋੜਨ ਦੇ ਲਈ ਪਿੰਡਾਂ/ ਸ਼ਹਿਰਾਂ ਵਿੱਚ ਚਲਾਈ ਜਾਵੇਗੀ ਖਾਲਿਸਤਾਨ ਦੀ ਲਹਿਰ: ਬਾਬਾ ਮਹਿਰਾਜ

ਨਵੀਂ ਦਿੱਲੀ 22 ਮਈ (ਮਨਪ੍ਰੀਤ ਸਿੰਘ ਖਾਲਸਾ):– ਸਰਕਾਰ ਵੱਲੋਂ ਸਿਰਜੇ ਖ਼ਾਲਿਸਤਾਨ ਵਿਰੋਧੀ ਬਿਰਤਾਂਤ ਨੂੰ ਤੋੜਨ ਦੇ ਲਈ ਪਿੰਡ- ਪਿੰਡ, ਸ਼ਹਿਰ- ਸ਼ਹਿਰ ਖਾਲਿਸਤਾਨ ਦੀ ਲਹਿਰ ਚਲਾਈ ਜਾਵੇਗੀ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਦਲ ਖਾਲਸਾ ਜੱਥੇਬੰਦੀ ਦੇ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਕੀਤਾ। ਉਹਨਾਂ ਕਿਹਾ ਕਿ ਤੀਸਰੇ ਘੱਲੂਘਾਰੇ ਜੂਨ ’84 ਦੇ ਸਿੱਖ ਜੁਝਾਰੂਆਂ, ਖਾਲਿਸਤਾਨ ਲਈ ਸ਼ਹੀਦ ਹੋਏ ਸਿੰਘਾਂ- ਸਿੰਘਣੀਆਂ ਤੇ ਸੰਘਰਸ਼ ਲੇਖੇ ਜ਼ਿੰਦਗੀਆਂ ਲਗਾਉਣ ਵਾਲਿਆਂ ਦੀ ਯਾਦ ਵਿੱਚ ਖਾਲਿਸਤਾਨ ਲਹਿਰ ਨੂੰ ਪ੍ਰਚੰਡ ਕਰਨ ਦੇ ਲਈ ਦਲ ਖਾਲਸਾ ਵੱਲੋਂ ਸਮਾਗਮ ਕਰਵਾਏ ਜਾ ਰਹੇ ਹਨ। ਉਹਨਾਂ ਦੱਸਿਆ ਕਿ ਇਸੇ ਤਹਿਤ ਹੀ ਪਿੰਡ ਗਿੱਲ ਕਲਾਂ ਵਿੱਚ 24 ਮਈ ਨੂੰ ਗੁਰਦੁਆਰਾ ਪਾਤਸ਼ਾਹੀ 6ਵੀਂ ਵਿਖੇ ਸਵੇਰੇ 11:30 ਵਜੇ ਸਮਾਗਮ ਕਰਵਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸਮੂਹ ਸੰਗਤਾਂ ਵੱਧ ਚੜ ਕੇ ਇਸ ਸਮਾਗਮ ਵਿੱਚ ਹਿੱਸਾ ਲੈਣ। ਉਹਨਾਂ ਸਮੂਹ ਨੌਜਵਾਨਾਂ, ਪੰਜਾਬ ਤੇ ਪੰਥ ਪ੍ਰਸਤ ਲੋਕਾਂ ਨੂੰ ਬੇਨਤੀ ਕੀਤੀ ਕਿ ਸੁਨਹਿਰੀ ਭਵਿੱਖ ਦੇ ਲਈ ਇਸ ਸੰਘਰਸ਼ ਡੱਟ ਕੇ ਸਾਥ ਦਿੱਤਾ ਜਾਵੇ ਕਿਉਂਕਿ ਖਾਲਿਸਤਾਨ ਤੋਂ ਬਿਨਾਂ ਪੰਜਾਬ ਦਾ ਭਲਾ ਕਦੇ ਨਹੀਂ ਹੋ ਸਕਦਾ।



ਆਵਾਜ਼ਿ ਕੌਮ AWAZE QAUM International Newspaper & WEB TV

## ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਲਗਾਇਆ ਗਰਮੀ ਤੋਂ ਬਚਾਉਣ ਲਈ ਆਨ—ਲਾਈਨ ਕੈਂਪ

ਫ਼ਿਰੋਜ਼ਪੁਰ, 22 ਮਈ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਫ਼ਿਰੋਜ਼ਪੁਰ ਨੇ ਅੱਜ ਗਰਮੀ ਦੀ ਬਹੁਤ ਜਿਆਦਾ ਤਪਸ਼ ਤੋਂ ਬਚਣ ਲਈ ਲਗਾਇਆ ਆਨ—ਲਾਈਨ ਜਾਗਰੂਕਤਾ ਕੈਂਪ। ਕੈਂਪ ਦੌਰਾਨ ਡਾਕਟਰ ਦੀਵਾਨ ਚੰਦ ਸੁਖੀਜਾ, ਕਿਸ਼ਨ ਚੰਦ ਜਾਗੋਵਾਲੀਆ, ਰਮੇਸ਼ ਬਜਾਜ, ਰਾਮ ਕਿਸ਼ੋਰ, ਪੁਸ਼ਪਲਤਾ ਅਤੇ ਹੋਰ ਬਹੁਤ ਸਾਰੇ ਸੁਸਾਇਟੀ ਆਗੂਆਂ ਨੇ ਗਰਮੀ ਦੀ ਤਪਸ਼ ਤੋਂ ਬਚਣ ਲਈ ਬਜ਼ੁਰਗਾਂ ਅਤੇ ਬੱਚਿਆਂ ਦਾ ਖਾਸ ਧਿਆਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਗਰਮੀ ਵਿਚ ਬਿਲਕੁਲ ਬਾਹਰ ਨਾ ਨਿਕਲਿਆ ਜਾਵੇ ਤਾਂ ਜ਼ੋ ਗਰਮੀ ਦੇ ਪ੍ਰਕੋਪ ਤੋਂ ਬਚਿਆ ਜਾ ਸਕੇ।



ਆਵਾਜ਼ਿ ਕੌਮ AWAZE QAUM International Newspaper & WEB TV

## ਸਨਸ਼ਾਈਨ ਕਾਨਵੈਂਟ ਸਕੂਲ ਵਿਚ ਲਗਾਇਆ ਡੈਂਟਲ ਚੈਕਅਪ ਕੈਂਪ



ਫ਼ਿਰੋਜ਼ਪੁਰ, 22 ਮਈ (ਮਨੋਹਰ ਲਾਲ) :— ਫਿਰੋਜ਼ਪੁਰ ਕੈਂਟ ਸਥਿਤ ਸਨਸ਼ਾਈਨ ਕਾਨਵੈਂਟ ਸਕੂਲ ਵਿੱਚ ਜੈਨੇਸਿਸ ਡੈਂਟਲ ਕਾਲਜ ਵੱਲੋਂ ਇੱਕ ਡੈਂਟਲ ਚੈਕਅਪ ਕੈਂਪ ਲਗਾਇਆ ਗਿਆ। ਇਸ ਮੌਕੇ ਵਿਚ ਡਾ: ਅਰੁਣ, ਡਾ: ਰਾਹੁਲ ਯਾਦਵ, ਡਾ: ਸੁਪ੍ਰਿਆ ਅਤੇ ਡਾ: ਸਾਵੀ ਵੱਲੋਂ 350 ਤੋਂ ਵੱਧ ਬੱਚਿਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ। ਇਹ ਸਾਰੇ ਡਾਕਟਰ ਤੰਦਰੁਸਤੀ ਦੇ ਖੇਤਰ ਵਿੱਚ ਮਾਹਰ ਅਤੇ ਅਨੁਭਵੀ ਹਨ। ਉਨ੍ਹਾਂ ਬੱਚਿਆਂ ਨੂੰ ਦੰਦਾਂ ਦੀ ਸਫਾਈ, ਨਿਯਮਤ ਜਾਂਚ ਅਤੇ ਸਿਹਤਮੰਦ ਖ਼ੁਰਾਕ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਕਰਕੇ ਬੱਚਿਆਂ ਨੂੰ ਨਾ ਸਿਰਫ ਮੁਫ਼ਤ ਜਾਂਚ ਦੀ ਸੁਵਿਧਾ ਮਿਲੀ, ਸਗੋਂ ਔਰਲ ਹੈਲਥ ਬਾਰੇ ਮਹੱਤਵਪੂਰਨ ਜਾਣਕਾਰੀ ਵੀ ਮਿਲੀ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਆਸ਼ੂ ਮੋਂਗਾ ਨੇ ਕੈਂਪ ਦੇ ਆਯੋਜਨ ਦੀ ਸਰਾਹਣਾ ਕਰਦਿਆਂ ਇਸ ਨੂੰ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ। ਇਸ ਮੌਕੇ ਰੂਬੀ ਨਾਰੰਗ, ਰਜਨੀ ਬਾਲਾ, ਮਨਜੀਤ ਕੌਰ ਸਮੇਤ ਹੋਰ ਸਕੂਲ ਸਟਾਫ ਮੈਂਬਰ ਵੀ ਮੌਜੂਦ ਰਹੇ। ਕੈਂਪ ਦੌਰਾਨ ਕਾਲਜ ਦੇ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਵੱਲੋਂ ਇਸ ਕਾਰਜਕ੍ਰਮ ਦੀ ਸਫਲਤਾ ਵਿੱਚ ਖਾਸ ਯੋਗਦਾਨ ਪਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਆਪਣੀ ਲੁੱਟ ਹੋਣ ਦੇ ਬਦਲੇ ਕਿਸੇ ਤਰ੍ਹਾਂ ਦੀ ਅਦਾਇਗੀ ਨਹੀਂ ਕਰੇਗਾ

# ਭਾਖੜਾ ਡੈਮ 'ਤੇ ਸੀ.ਆਈ.ਐਸ.ਐਫ. ਦੀ ਤਾਇਨਾਤੀ ਕਰਨ ਦੇ ਫੈਸਲੇ ਲਈ ਕੇਂਦਰ 'ਤੇ ਵਰ੍ਹੇ ਮੁੱਖ ਮੰਤਰੀ



ਸੰਗਰੂਰ ( ਰਣਜੀਤ ਸਿੰਘ ਪੇਧਨੀ )ਭਗਵੰਤ ਸਿੰਘ ਮਾਨ ਵੱਲੋਂ ਵਿਰੋਧੀਆਂ ਨੂੰ ਚੁਣੌਤੀ- ਜੇਕਰ ਤੁਸੀਂ ਹੁਣ ਨਾ ਬੋਲੇ ਤਾਂ ਤਹਾਨੂੰ ਪੰਜਾਬ ਦੇ ਪਾਣੀਆਂ 'ਤੇ ਗੱਦਾਰੀ ਲਈ ਯਾਦ ਰੱਖਿਆ ਜਾਵੇਗਾ।

ਪੰਜਾਬ ਨੂੰ ਉਜਾੜਨ ਦੇ ਰਾਹ ਪਈ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਕੋਝੀਆਂ ਸਾਜ਼ਿਸ਼ਾਂ ਦੀ ਸਖ਼ਤ ਆਲੋਚਨਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭਾਖੜਾ ਡੈਮ 'ਤੇ ਸੀ.ਆਈ.ਐਸ.ਐਫ. ਤਾਇਨਾਤ ਕਰਨ ਬਾਰੇ ਕੇਂਦਰ ਸਰਕਾਰ ਦੇ ਫੈਸਲੇ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ ਅਤੇ ਕੇਂਦਰੀ ਬਲਾਂ ਦੀ ਤਾਇਨਾਤੀ ਦੇ ਖਰਚੇ ਵਜੋਂ ਸੂਬਾ ਧੇਲਾ ਵੀ ਨਹੀਂ ਦੇਵੇਗਾ।

ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਇਕ ਗੱਲ ਪੱਲੇ ਬੰਨ੍ਹ ਲੈਣੀ ਚਾਹੀਦੀ ਹੈ ਕਿ ਨਾ ਤਾਂ ਸਾਡੇ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਇਕ ਬੂੰਦ ਵਾਧੂ ਪਾਣੀ ਹੈ ਅਤੇ ਨਾ ਹੀ ਧੱਕੇ ਨਾਲ ਤਾਇਨਾਤ ਕੀਤੀ ਜਾ ਰਹੀ ਸੀ.ਆਈ.ਐਸ.ਐਫ. ਲਈ ਕੇਂਦਰ ਗ੍ਰਹਿ ਮੰਤਰਾਲੇ ਨੂੰ ਦੇਣ ਲਈ ਕੋਈ ਪੈਸਾ ਹੈ।

**ਜਦੋਂ ਪੰਜਾਬ ਨੇ ਅੱਤਵਾਦ ਖਿਲਾਫ਼ ਲੜਾਈ ਲੜੀ ਤਾਂ ਖਰਚਾ ਅਦਾ ਕੀਤਾ, ਜਦੋਂ ਪੰਜਾਬ ਨੇ ਆਪਣੇ ਹੱਕ ਮੰਗੇ ਤਾਂ ਸਜ਼ਾ ਦਿੱਤੀ-ਮੁੱਖ ਮੰਤਰੀ**

**☛ ਸੈਨਿਕ ਹੋਵੇ ਜਾਂ ਕਿਸਾਨ, ਪੰਜਾਬ ਨੂੰ ਹਮੇਸ਼ਾ ਕੀਮਤ ਤਾਰਨੀ ਪਈ ਪਰ ਸਾਡੇ ਨਾਲ ਬੇਇਨਸਾਫੀ ਲਈ ਕੋਈ ਅਦਾਇਗੀ ਨਹੀਂ ਕਰਾਂਗੇ-ਭਗਵੰਤ ਸਿੰਘ ਮਾਨ**

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਹ ਰਕਮ ਕਦੇ ਵੀ ਅਦਾ ਨਹੀਂ ਕਰੇਗੀ ਕਿਉਂਕਿ ਕੇਂਦਰ ਸਰਕਾਰ ਡੈਮ 'ਤੇ ਕੇਂਦਰੀ ਬਲਾਂ ਨੂੰ ਤਾਇਨਾਤ ਕਰਕੇ ਸੂਬੇ ਦੇ ਪਾਣੀ ਨੂੰ ਚੋਰੀ ਕਰਨ ਦਾ ਨੀਅਤ ਨਾਲ ਇਹ ਘਟੀਆ ਚਾਲ ਖੇਡ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਅਨਾਜ ਅਤੇ ਹੋਰ ਵਸਤਾਂ ਲਈ ਤਾਂ ਪੰਜਾਬ ਦੀ ਲੋੜ ਹੈ ਪਰ ਦੂਜੇ ਪਾਸੇ ਉਹ ਇਸ ਘਿਨਾਉਣੀ ਕਾਰਵਾਈ ਰਾਹੀਂ ਸੂਬੇ ਦੇ ਪਾਣੀਆਂ ਨੂੰ ਖੋਹਣ ਦੀ ਕੋਸ਼ਿਸ਼ ਕਰ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੂੰ ਦੇਸ਼ ਪ੍ਰਤੀ ਉਸ ਦੇ ਵੱਡੇ ਯੋਗਦਾਨ ਲਈ ਕੋਈ ਵਿਸ਼ੇਸ਼ ਪੈਕੇਜ ਦੇਣ ਦੀ ਬਜਾਏ ਭਾਜਪਾ ਸੂਬੇ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਆਉਂਦੇ ਸ਼ਨੀਵਾਰ ਨੂੰ ਹੋਣ ਵਾਲੀ ਨੀਤੀ ਆਯੋਗ ਦੀ ਮੀਟਿੰਗ ਵਿੱਚ ਪ੍ਰਧਾਨ ਮੰਤਰੀ ਦੇ ਸਾਹਮਣੇ ਇਸ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਉਠਾਉਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਜਪਾ ਅਜਿਹੀਆਂ ਘਟੀਆ ਚਾਲਾਂ ਦਾ ਸਹਾਰਾ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸੂਬੇ ਦੇ ਸਖ਼ਤ ਵਿਰੁੱਧ ਹੈ ਕਿਉਂਕਿ ਪੰਜਾਬ ਦੇ ਲੋਕਾਂ ਨੇ ਉਨ੍ਹਾਂ ਨੂੰ ਕਦੇ ਵੋਟ ਨਹੀਂ ਦਿੱਤੀ। ਉਨ੍ਹਾਂ ਕਿਹਾ ਕਿ ਇਹ ਬੜੀ ਹੈਰਾਨੀ ਵਾਲੀ ਗੱਲ ਹੈ ਕਿ ਭਾਵੇਂ ਪੰਜਾਬ ਭਾਰਤੀ ਫੌਜ ਵਿੱਚ ਦੇਸ਼ ਸੇਵਾ ਕਰਨ ਦੇ ਨਾਲ-ਨਾਲ ਕੌਮੀ ਅਨਾਜ ਪੂਲ ਵਿੱਚ ਵੱਡਾ ਯੋਗਦਾਨ ਪਾਉਣ ਵਿੱਚ ਦੇਸ਼ ਦੀ ਅਗਵਾਈ ਕਰਦਾ ਹੈ ਪਰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਹਮੇਸ਼ਾ ਸੂਬੇ ਨੂੰ ਨਜ਼ਰਅੰਦਾਜ਼ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਮੋਦੀ ਸਰਕਾਰ ਪੰਜਾਬ ਵਿਰੋਧੀ ਸੋਚ ਦੀ ਧਾਰਨੀ ਹੋ ਚੁੱਕੀ ਹੈ, ਜਿਸ ਕਾਰਨ ਉਹ ਸੂਬੇ ਨੂੰ ਬਰਬਾਦ ਕਰਨ 'ਤੇ ਤੁਲੀ ਹੋਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜੇਕਰ ਭਾਜਪਾ ਦੀ ਅਗਵਾਈ ਵਾਲੀ ਐਨ.ਡੀ.ਏ. ਸਰਕਾਰ ਦਾ ਵੱਸ ਚੱਲੇ ਤਾਂ ਉਹ ਰਾਸ਼ਟਰੀ ਗੀਤ ਵਿੱਚੋਂ ਪੰਜਾਬ ਦਾ ਨਾਮ ਵੀ ਹਟਾ ਦੇਣਗੇ। ਉਨ੍ਹਾਂ ਕਿਹਾ ਕਿ ਭਾਜਪਾਈ ਬਣੇ ਪੰਜਾਬ ਦੇ 'ਕਾਂਗਰਸੀ ਆਗੂਆਂ' ਨੂੰ ਇਸ ਮੁੱਦੇ 'ਤੇ ਚੁੱਪ ਨਹੀਂ ਰਹਿਣਾ ਚਾਹੀਦਾ ਅਤੇ ਭਗਵਾਂ ਪਾਰਟੀ ਦੀ ਇਸ ਪੰਜਾਬ ਵਿਰੋਧੀ ਸੋਚ 'ਤੇ ਉਨ੍ਹਾਂ ਨੂੰ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਸੰਘੀ ਢਾਂਚੇ ਜਾਂ ਸੰਵਿਧਾਨ ਦਾ ਸਤਿਕਾਰ ਨਹੀਂ ਕਰਦੀ। ਉਨ੍ਹਾਂ ਕਿਹਾ ਕਿ ਬਦਕਿਸਮਤੀ ਦੀ ਗੱਲ ਹੈ ਕਿ ਕੇਂਦਰ ਨੇ ਹਰੇਕ ਸੰਵਿਧਾਨਕ ਸੰਸਥਾ ਨੂੰ ਕਮਜ਼ੋਰ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਮਹੂਰੀ ਤੌਰ 'ਤੇ ਚੁਣੀਆਂ ਗਈਆਂ ਸਰਕਾਰਾਂ ਦੇ ਕੰਮਕਾਜ ਨੂੰ ਰੋਕਣ ਲਈ ਰਾਜਪਾਲਾਂ ਨੂੰ ਵਰਤਿਆ ਜਾ ਰਿਹਾ ਹੈ, ਜੋ ਕਿ ਲੋਕਤੰਤਰ ਲਈ ਗੰਭੀਰ ਖ਼ਤਰਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਗਵਾਂ ਪਾਰਟੀ ਦੇ ਅਜਿਹੇ ਦਮਨਕਾਰੀ ਅਤੇ ਤਾਨਾਸ਼ਾਹੀ ਕਦਮਾਂ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ ਤਾਂ ਜੋ ਸੂਬੇ ਦੇ ਹਿੱਤਾਂ ਦੀ ਹਰ ਤਰ੍ਹਾਂ ਨਾਲ ਰਾਖੀ ਕੀਤੀ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਭਾਖੜਾ ਬਿਆਸ ਪ੍ਰਬੰਧਕੀ ਬੋਰਡ (ਬੀ.ਬੀ.ਐਮ.ਬੀ.) ਕੇਂਦਰ ਦੇ ਹੱਥਾਂ ਦੀ ਕਠਪੁਤਲੀ ਹੈ, ਜੋ ਸੂਬੇ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਉਣ ਵਿੱਚ ਕੋਈ ਕਸਰ ਨਹੀਂ ਛੱਡਦਾ ਅਤੇ ਗ੍ਰਹਿ ਮੰਤਰਾਲੇ ਦਾ ਨਵਾਂ ਪ੍ਰਬੰਧ ਵੀ ਏਸੇ ਸਾਜ਼ਿਸ਼ ਦਾ ਹੀ ਹਿੱਸਾ ਹੈ। ਉਨ੍ਹਾਂ ਨੇ ਵਿਸਥਾਰ ਵਿੱਚ ਦੱਸਿਆ ਕਿ ਭਾਖੜਾ ਡੈਮ 'ਤੇ ਸੀ.ਆਈ.ਐਸ.ਐਫ. ਦੇ 296 ਪੁਲਿਸ ਕਰਮਚਾਰੀ ਤਾਇਨਾਤ ਕੀਤੇ ਜਾਣਗੇ ਜਿਸ 'ਤੇ ਸੂਬੇ ਨੂੰ 8.58 ਕਰੋੜ ਰੁਪਏ ਦਾ ਖਰਚਾ ਦੇਣਾ ਪਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਦੋਂ ਪੰਜਾਬ ਪੁਲਿਸ ਪਹਿਲਾਂ ਹੀ ਡੈਮ ਦੀ ਸੁਰੱਖਿਆ ਨੂੰ ਮੁਫਤ ਵਿੱਚ ਯਕੀਨੀ ਬਣਾ ਰਹੀ ਹੈ ਤਾਂ ਅਸੀਂ ਇਹ ਪੈਸਾ ਬੀ.ਬੀ.ਐਮ.ਬੀ. ਨੂੰ ਕਿਉਂ ਦੇਈਏ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਦੀ ਹਰਗਿਜ਼ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਕਿਉਂਕਿ ਇਹ ਕਦਮ ਬੀ.ਬੀ.ਐਮ.ਬੀ. ਅਤੇ ਭਾਜਪਾ ਵੱਲੋਂ ਸੀ.ਆਈ.ਐਸ.ਐਫ. ਤਾਇਨਾਤ ਕਰਕੇ ਸੂਬੇ ਦੇ ਪਾਣੀਆਂ 'ਤੇ ਡਾਕਾ ਮਾਰਨ ਦਾ ਨਾਪਾਕ ਮਨਸੂਬਾ ਹੈ। ਉਨ੍ਹਾਂ ਕਿਹਾ ਕਿ ਖੁਦ ਨੂੰ ਪਾਣੀਆਂ ਦੇ ਰਾਖੇ ਦੱਸਣ ਵਾਲੇ ਕੈਪਟਨ ਅਮਰਿੰਦਰ ਸਿੰਘ, ਸੁਨੀਲ ਜਾਖੜ, ਮਨਪ੍ਰੀਤ ਸਿੰਘ ਬਾਦਲ, ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵਰਗੇ ਭਾਜਪਾਈ ਬਣੇ 'ਕਾਂਗਰਸੀ ਆਗੂਆਂ' ਨੂੰ ਇਸ ਬਾਰੇ ਆਪਣਾ ਰੁਖ਼ ਸਪੱਸ਼ਟ ਕਰਨਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਫ ਸ਼ਬਦਾਂ ਵਿੱਚ ਕਿਹਾ ਕਿ ਇਹ ਭਾਜਪਾ ਅਤੇ ਬੀ.ਬੀ.ਐਮ.ਬੀ. ਵੱਲੋਂ ਪਾਣੀਆਂ ਉੱਤੇ ਪੰਜਾਬ ਦੇ ਹਿੱਸੇ ਨੂੰ ਘਟਾਉਣ ਦੀ ਸੋੜੀ ਚਾਲ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਸੂਬੇ ਦੀ ਕਰਜ਼ਾ ਹੱਦ ਘਟਾ ਦਿੱਤੀ ਹੈ, ਆਰ.ਡੀ.ਐਫ. ਦੇ ਫੰਡ ਰੋਕੇ ਹੋਏ ਹਨ ਅਤੇ ਹੁਣ ਇਕ ਹੋਰ ਪੰਜਾਬ ਵਿਰੋਧੀ ਕਦਮ ਚੁੱਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸੀ.ਆਈ.ਐਸ.ਐਫ. ਦੀ ਤਾਇਨਾਤੀ ਤਰਕਹੀਣ ਅਤੇ ਮਨਮਾਨੀ ਵਾਲਾ ਕਦਮ ਹੈ ਕਿਉਂਕਿ ਇਸ ਨਾਲ ਸਰਕਾਰੀ ਖਜ਼ਾਨੇ 'ਤੇ ਵਾਧੂ ਬੋਝ ਪਵੇਗਾ। ਪੰਜਾਬ ਦੇ ਫੰਡਾਂ ਨੂੰ ਰੋਕਣ ਲਈ ਕੇਂਦਰ 'ਤੇ ਵਰ੍ਹਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਗੈਰ-ਭਾਜਪਾ ਵਾਲੇ ਸੂਬਿਆਂ ਨਾਲ ਪੱਖਪਾਤ ਅਤੇ ਵਿਤਕਰਾ ਕਰ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਕੇਰਲ, ਪੱਛਮੀ ਬੰਗਾਲ, ਤਾਮਿਲਨਾਡੂ ਅਤੇ ਪੰਜਾਬ ਵਰਗੇ ਸੂਬਿਆਂ ਨੂੰ ਆਪਣੇ ਹੱਕੀ ਫੰਡ ਪ੍ਰਾਪਤ ਕਰਨ ਲਈ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਉਣ ਲਈ ਮਜਬੂਰ ਹੋਣਾ ਪਿਆ ਹੈ।

ਬੀ.ਬੀ.ਐਮ.ਬੀ. ਨੂੰ ਚਿੱਟਾ ਹਾਥੀ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਮੌਜੂਦਾ ਰੂਪ ਵਿੱਚ ਪੂਰੀ ਤਰ੍ਹਾਂ ਬੇਬੁਨਿਆਦ ਅਤੇ ਅਸਵੀਕਾਰਨਯੋਗ ਹੈ। ਉਨ੍ਹਾਂ ਕਿਹਾ ਕਿ ਪੰਜਾਬ ਹੁਣ ਇਸ ਨੂੰ ਕਦੇ ਵੀ ਸਵੀਕਾਰ ਨਹੀਂ ਕਰੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੀ.ਬੀ.ਐਮ.ਬੀ. ਨੇ ਭਾਜਪਾ ਦੇ ਦਬਾਅ ਹੇਠ ਕਾਹਲੀ ਨਾਲ ਮੀਟਿੰਗਾਂ ਬੁਲਾ ਕੇ ਆਪਣੇ ਹੀ ਸੰਵਿਧਾਨ ਦੀ ਉਲੰਘਣਾ ਕੀਤੀ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬੇ ਦੇ ਲੋਕ ਭਾਜਪਾ ਸਰਕਾਰ ਅਤੇ ਬੀ.ਬੀ.ਐਮ.ਬੀ. ਵੱਲੋਂ ਸੂਬੇ ਦੇ ਪਾਣੀਆਂ 'ਤੇ ਡਾਕਾ ਮਾਰਨ ਦੀ ਸ਼ਾਜਿਸ਼ ਵਿਰੁੱਧ ਉੱਠ ਖੜ੍ਹੇ ਹੋਏ ਹਨ, ਜਿਸ ਕਾਰਨ ਪਾਣੀ ਦੀ ਚੋਰੀ ਰੋਕੀ ਗਈ ਹੈ। ਉਨ੍ਹਾਂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਮੌਜੂਦਾ ਗੰਭੀਰ ਹਾਲਾਤਾਂ ਵਿੱਚ ਜਦੋਂ ਪਾਣੀ ਦਾ ਪੱਧਰ ਤੇਜ਼ੀ ਨਾਲ ਘੱਟ ਰਿਹਾ ਹੈ ਅਤੇ ਪਾਣੀ ਦੇ ਸਰੋਤ ਸੁੱਕ ਰਹੇ ਹਨ, ਇਸ ਲਈ ਪਾਣੀ ਦੇ ਹਰ ਸਮਝੌਤੇ ਦੀ ਹਰੇਕ 25 ਸਾਲਾਂ ਬਾਅਦ ਸਮੀਖਿਆ ਕੀਤੀ ਜਾਣੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰਿਆਣਾ ਦੇ ਕੋਟੇ ਮੁਤਾਬਕ ਪਾਣੀ ਦੀ ਅਲਾਟਮੈਂਟ ਕੱਲ੍ਹ ਤੋਂ ਸ਼ੁਰੂ ਕਰ ਦਿੱਤਾ ਗਈ ਹੈ ਪਰ ਅਲਾਟਮੈਂਟ ਤੋਂ ਵੱਧ ਪਾਣੀ ਦੀ ਇੱਕ ਵੀ ਬੂੰਦ ਨਹੀਂ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਪੰਜਾਬ ਇਕ ਸਰਹੱਦੀ ਸੂਬਾ ਹੋਣ ਕਰਕੇ ਅੱਤਵਾਦ ਅਤੇ ਨਸ਼ਿਆਂ ਵਿਰੁੱਧ ਲੜਾਈ ਲੜ ਰਿਹਾ ਹੈ ਪਰ ਬਦਕਿਸਮਤੀ ਨਾਲ ਸਾਨੂੰ ਇਸ ਲਈ ਭਾਰੀ ਫੀਸ ਅਦਾ ਕਰਨ ਲਈ ਕਿਹਾ ਜਾਂਦਾ ਹੈ। ਇਸ ਦੀ ਮਿਸਾਲ ਦਿੰਦਿਆਂ ਉਨ੍ਹਾਂ ਕਿਹਾ ਕਿ ਦੀਨਾਨਗਰ (ਪਠਾਨਕੋਟ) ਵਿੱਚ ਹੋਏ ਅੱਤਵਾਦੀ ਹਮਲੇ ਉਪਰੰਤ ਭਾਰਤ ਸਰਕਾਰ ਨੇ ਹਮਲੇ ਦੌਰਾਨ ਅਰਧ ਸੈਨਿਕ ਬਲ ਭੇਜਣ ਲਈ ਸੂਬੇ ਤੋਂ 7.5 ਕਰੋੜ ਰੁਪਏ ਦੀ ਮੰਗ ਕੀਤੀ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਮੰਦਭਾਗਾ ਅਤੇ ਤਰਕਹੀਣ ਹੈ ਕਿਉਂਕਿ ਜਿਸ ਸੂਬੇ ਦੇ ਸਭ ਤੋਂ ਵੱਧ ਜਵਾਨ ਹਥਿਆਰਬੰਦ ਸੈਨਾਵਾਂ ਵਿੱਚ ਦੇਸ਼ ਦੀ ਸੇਵਾ ਕਰਦੇ ਹੋਏ ਸ਼ਹੀਦ ਹੁੰਦੇ ਹਨ, ਉਸ ਨੂੰ ਇਹ ਫੀਸਾਂ ਅਦਾ ਕਰਨੀਆਂ ਪੈਂਦੀਆਂ ਹਨ।

### ਸਿਹਤ ਵਿਭਾਗ ਵਲੋਂ ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਐਡਵਾਈਜਰੀ ਜਾਰੀ

# ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਸਿਹਤ ਸੰਭਾਲ ਜਰੂਰੀ : ਡਾ ਕਿਰਨਦੀਪ ਕੌਰ



**ਅੰਮ੍ਰਿਤਸਰ 22 ਮਈ (ਆਵਾਜ਼ਿ ਕੌਮ ਬਿਊਰੋ)**- ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਵੱਧ ਰਹੀ ਗਰਮੀ ਦੇ ਸੰਬੰਧ ਵਿੱਚ ਲੋਕਾਂ ਨੂੰ ਜਾਗਰੂਕ ਕਰਦਿਆਂ ਦੱਸਿਆ ਕਿ ਗਰਮੀ ਦੀ ਤੇਜ ਲਹਿਰ ਦੇ ਚੱਲਦਿਆਂ ਲੋਕਾਂ ਨੂੰ ਸਾਵਧਾਨ ਰਹਿਣ ਦੀ ਜਰੂਰਤ ਹੈ। ਗਰਮੀ ਅਤੇ ਲੂ ਤੋਂ ਪ੍ਰਭਾਵਿਤ ਹੋਣ ਨਾਲ ਡੀ ਹਾਈਡ੍ਰੇਸ਼ਨ, ਹੀਟ ਸਟ੍ਰੋਕ, ਬੁਖਾਰ, ਸਿਰਦਰਦ, ਉਲਟੀ, ਡਾਈਰੀਆ ਅਤੇ ਹੋਰ ਬਹੁਤ ਸਾਰੀਆਂ ਸਮੱਸਿਆਵਾਂ ਹੋ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਖਾਸ ਕਰਕੇ ਬਜੁਰਗਾਂ, ਬੱਚਿਆਂ ਅਤੇ ਪਹਿਲਾਂ ਤੋਂ ਹੀ ਕਿਸੀ ਬੀਮਾਰੀ ਨਾਲ ਪੀੜਤ ਲੋਕਾਂ ਨੂੰ ਇਸ ਮੌਸਮ ਵਿੱਚ ਵਿਸ਼ੇਸ਼ ਧਿਆਨ ਰੱਖਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਮੌਸਮ ਵਿੱਚ ਥਕਾਵਟ, ਬੁਖਾਰ, ਉਲਟੀਆਂ, ਦਿਲ ਦੀ ਧੜਕਣ ਤੇਜ ਹੋਣ ਆਦਿ ਦੇ ਲੱਛਣ ਪ੍ਰਗਟ ਹੋ ਸਕਦੇ ਹਨ। ਅਜਿਹੇ ਹਾਲਾਤਾਂ ਵਿਚ ਲੋਕ ਸੈਲਫ ਮੈਡੀਕੇਸ਼ਨ ਤੋਂ ਬਚਣ ਅਤੇ ਕਿਸੇ ਵੀ ਤਰ੍ਹਾਂ ਦੇ ਲੱਛਣ ਪ੍ਰਗਟ ਹੋਣ ਤੇ ਨੇੜੇ ਦੇ ਸਰਕਾਰੀ ਸਿਹਤ ਕੇਂਦਰਾਂ ਦੇ ਮਾਹਰ ਡਾਕਟਰਾਂ ਨਾਲ ਸੰਪਰਕ ਕਰਨ। ਉਹਨਾਂ ਲੋਕਾਂ ਨੂ ਅਪੀਲ ਕੀਤੀ ਕਿ ਲੂ ਅਤੇ ਗਰਮੀ ਤੋਂ ਬਚਣ ਲਈ ਤਰਲ ਪਦਾਰਥ ਜਿਵੇਂ ਨੀਂਬੂ ਪਾਣੀ, ਲੱਸੀ, ਨਾਰੀਅਲ ਪਾਣੀ ਅਤੇ ਓ.ਆਰ.ਐਸ ਦਾ ਘੋਲ ਆਦਿ ਦਾ ਵੱਧ ਤੋਂ ਵੱਧ ਇਸਤੇਮਾਲ ਕੀਤਾ ਜਾਵੇ, ਬਾਹਰ ਜਾਣ ਤੋਂ ਪਹਿਲਾਂ ਸ਼ਰੀਰ ਨੂੰ ਪੂਰੀ ਤਰ੍ਹਾਂ ਢੱਕਿਆ ਜਾਵੇ, ਸੂਤੀ ਅਤੇ ਹਲਕੇ ਰੰਗਾਂ ਦੇ ਕਪੜੇ ਪਹਿਨੇ ਜਾਣ, ਸੰਤੁਲਤ ਤੇ ਘਰ ਦਾ ਬਣਿਆ ਭੋਜਨ ਖਾਧਾ ਜਾਵੇ, ਧੁੱਪ ਵਿੱਚ ਬਾਹਰ ਜਾਣ ਤੋਂ ਗੁਰੇਜ ਕੀਤਾ ਜਾਵੇ, ਆਸ ਪਾਸ ਦੀ ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ। ਇਸ ਅਵਸਰ ਤੇ ਜਿਲਾ੍ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ, ਜਿਲਾ੍ ਐਮ.ਈ.ਆਈ.ਓ. ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜਰ ਸਨ।

# ਗੋਲੇ ਦੇ ਕੌਮਾਂਤਰੀ ਖਿਡਾਰੀ, ਸੇਵਾਮੁਕਤ ਡੀ.ਐੱਸ.ਪੀ ਚੇਤਾ ਸਿੰਘ ਦਾ ਸਰਕਾਰੀ ਸਨਮਾਨਾਂ ਨਾਲ ਕੀਤਾ ਅੰਤਿਮ ਸਸਕਾਰ





ਤਲਵੰਡੀ ਸਾਬੋ, 22 ਮਈ (ਗੁਰਜੰਟ ਸਿੰਘ ਨਥੇਹਾ)- ਗੋਲਾ ਸੁੱਟਣ ਦੇ ਨਾਮੀ ਬਜੁਰਗ ਖਿਡਾਰੀ ਅਤੇ ਪੰਜਾਬ ਪੁਲਿਸ ਦੇ ਸੇਵਾਮੁਕਤ ਡੀ.ਐੱਸ.ਪੀ ਚੇਤਾ ਸਿੰਘ ਜਿੰਨ੍ਹਾਂ ਨੇ ਪਿਛਲੇ ਸਮਿਆਂ 'ਚ ਆਸਟ੍ਰੇਲੀਆ 'ਚ ਹੋਈਆਂ ਕੌਮਾਂਤਰੀ ਪੱਧਰ ਦੀਆਂ ਪੈਨ ਪੈਸੀਫਿਕ ਮਾਸਟਰ ਗੇਮਜ਼ 'ਚ ਕਾਂਸੇ ਦਾ ਤਗਮਾ ਹਾਸਿਲ ਕਰਕੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਸੀ ਦੇ ਬੀਤੀ ਰਾਤ ਲੁਧਿਆਣਾ ਦੇ ਇੱਕ ਨਿੱਜੀ ਹਸਪਤਾਲ 'ਚ ਅਕਾਲ ਚਲਾਣਾ ਕਰ ਜਾਣ ਉਪਰੰਤ ਅੱਜ ਬਾਅਦ ਦੁਪਹਿਰ ਨਗਰ ਦੇ ਸਮਸ਼ਾਨਘਾਟ ਵਿਖੇ ਉਨਾਂ ਦੀ ਮ੍ਰਿਤਕ ਦੇਹ ਦਾ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ ਕਰ ਦਿੱਤਾ ਗਿਆ। ਦੱਸਣਾ ਬਣਦਾ ਹੈਕਿ ਯੂਥ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਅਤੇ ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਦੇ ਪ੍ਰਧਾਨ ਐਡਵੋਕੇਟ ਸਤਿੰਦਰਪਾਲ ਸਿੰਘ ਸਿੱਧੂ (ਸਾਬਕਾ ਕੌਂਸਲਰ) ਦੇ ਪਿਤਾ, ਸੇਵਾਮੁਕਤ ਡੀ.ਐੱਸ.ਪੀ ਚੇਤਾ ਸਿੰਘ ਦੇ ਅਕਾਲ ਚਲਾਣੇ ਦੀ ਖਬਰ ਨਾਲ ਇਲਾਕੇ ਦੀਆਂ ਖੇਡ ਸਫਾਂ ਦੇ ਨਾਲ ਨਾਲ ਰਾਜਸੀ ਖੇਤਰ 'ਚ ਵੀ ਸੋਗ ਦੀ ਲਹਿਰ ਦੌੜ ਗਈ। ਇਹ ਵੀ ਜਿਕਰ ਕਰਨਾ ਬਣਦਾ ਹੈ ਕਿ ਮਰਹੂਮ ਚੇਤਾ ਸਿੰਘ, ਲੋਕ ਅਧਿਕਾਰ ਲਹਿਰ ਦੇ ਸੀਨੀਅਰ ਆਗੂ ਰੁਪਿੰਦਰ ਸਿੰਘ ਸਿੱਧੂ ਅਤੇ ਕਾਂਗਰਸੀ ਕੌਂਸਲਰ ਦਵਿੰਦਰ ਸਿੰਘ ਸੂਬਾ ਦੇ ਤਾਇਆ ਜੀ ਸਨ। ਬਾਅਦ ਦੁਪਹਿਰ ਉਨਾਂ ਦੇ ਅੰਤਿਮ ਸਸਕਾਰ ਮੌਕੇ ਪੰਜਾਬ ਪੁਲਿਸ ਦੀ ਇੱਕ ਟੁਕੜੀ ਨੇ ਹਥਿਆਰ ਉਲਟੇ ਕਰਕੇ ਅਤੇ ਹਵਾ ਚ ਗੋਲੀਆਂ ਦਾਗ ਕੇ ਉਨਾਂ ਨੂੰ ਸਲਾਮੀ ਭੇਟ ਕੀਤੀ। ਸਤਿੰਦਰ ਸਿੰਘ ਸਿੱਧੂ ਨੇ ਪਿਤਾ ਦੀ ਮ੍ਰਿਤਕ ਦੇਹ ਨੂੰ ਅਗਨੀ ਦਿਖਾਈ। ਅੰਤਿਮ ਸਸਕਾਰ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ, ਗੁ:ਬੁੰਗਾ ਮਸਤੂਆਣਾ ਮੁਖੀ ਬਾਬਾ ਕਾਕਾ ਸਿੰਘ, ਪੁਲਿਸ ਪ੍ਰਸ਼ਾਸਨ ਵੱਲੋਂ ਡੀ.ਐੱਸ.ਪੀ ਰਾਜੇਸ਼ ਸਨੇਹੀ, ਸ਼੍ਰੋਮਣੀ ਅਕਾਲੀ ਦਲ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਮੋਹਨ ਸਿੰਘ ਬੰਗੀ, ਤਖਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜ਼ਰ ਭਾਈ ਰਣਜੀਤ ਸਿੰਘ, ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਉਨਾਂ ਦੇ ਸਪੁੱਤਰ ਗੁਰਬਾਜ਼ ਸਿੰਘ ਸਿੱਧੂ, ਕਾਂਗਰਸ ਹਲਕਾ ਇੰਚਾਰਜ ਖੁਸ਼ਬਾਜ ਸਿੰਘ ਜਟਾਣਾ ਵੱਲੋਂ ਦਿਲਪ੍ਰੀਤ ਸਿੰਘ ਜਟਾਣਾ, ਸੀ. ਕਾਂਗਰਸੀ ਆਗੂ ਬਲਵੀਰ ਸਿੰਘ ਸਿੱਧੂ, ਨਗਰ ਕੌਂਸਲ ਪ੍ਰਧਾਨ ਵੱਲੋਂ ਹਰਜੀਤ ਸਿੰਘ ਸਰਾਂ, ਹਰਬੰਸ ਸਿੰਘ ਸਾਬਕਾ ਕਾ. ਪ੍ਰਧਾਨ ਨਗਰ ਕੌਂਸਲ, ਖੁਸ਼ਦੀਪ ਸਿੰਘ ਬੱਬੀ ਚੱਠਾ ਅਤੇ ਭਰਪੂਰ ਸਿੰਘ ਦੋਵੇਂ ਕੌਂਸਲਰ, ਸੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਅਕਾਲੀ ਦਲ ਹਲਕਾ ਆਬਜ਼ਰਵਰ ਦਵਿੰਦਰ ਕੋਟਬਖਤੂ, ਰਣਜੀਤ ਸਿੰਘ ਮਲਕਾਣਾ, ਜਸਵਿੰਦਰ ਸਿੰਘ ਜ਼ੈਲਦਾਰ, ਗੱਤਕਾ ਦਲ ਪੰਜਾਬ ਦੇ ਪ੍ਰਧਾਨ ਭਾਈ ਸਰਬਜੀਤ ਸਿੰਘ, ਕਾਂਗਰਸੀ ਆਗੂ ਅਵਤਾਰ ਮੈਨੂੰਆਣਾ, ਬਲਕਰਨ ਬੱਬੂ ਸਾਬਕਾ ਕੌਂਸਲਰ, ਤਰਸੇਮ ਲਾਲੇਆਣਾ, ਕਾਲਾ ਰਾਮਾਂ, ਗੁਰਮੇਲ ਲਾਲੇਆਣਾ, ਚਰਨਾ ਭਾਗੀਵਾਂਦਰ, ਭਾਜਪਾ ਆਗੂ ਨੱਥੂ ਰਾਮ ਲੇਲੇਵਾਲਾ ਤੋਂ ਇਲਾਵਾ ਬਾਰ ਐਸੋਸੀਏਸ਼ਨ ਦੇ ਸਮੂੰਹ ਨੁਮਾਇੰਦੇ, ਸਮਾਜ ਸੇਵੀ ਸਖਸ਼ੀਅਤਾਂ, ਦਮਦਮਾ ਸਾਹਿਬ ਪ੍ਰੈੱਸ ਕਲੱਬ ਸਰਪ੍ਰਸਤ ਰਣਜੀਤ ਸਿੰਘ ਰਾਜੂ ਤੋਂ ਇਲਾਵਾ ਵੱਡੀ ਗਿਣਤੀ ਮੁਹਤਬਰ ਮੌਜੂਦ ਸਨ।

# ਕੁਲਤਾਰਨ ਸਿੰਘ ਕੋਛੜ ਦਿੱਲੀ ਗੁਰਦੁਆਰਾ ਕਮੇਟੀ ਦੇ ਐਜੂਕੇਸ਼ਨ ਸੈਲ ਦੇ ਚੇਅਰਮੈਨ ਨਿਯੁਕਤ ਕੋਛੜ ਦੀ ਅਗਵਾਈ 'ਚ ਐਜੂਕੇਸ਼ਨ ਸੈਲ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰੇਗਾ: ਕਾਲਕਾ, ਕਾਹਲੋਂ



ਨਵੀਂ ਦਿੱਲੀ, 22 ਮਈ: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੈਂਬਰ ਸਰਦਾਰ ਕੁਲਤਾਰਨ ਸਿੰਘ ਕੋਛੜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਐਜੂਕੇਸ਼ਨ ਸੈਲ ਦੇ ਚੇਅਰਮੈਨ ਨਿਯੁਕਤ ਕੀਤੇ ਗਏ ਹਨ। ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਹੋਰ ਪਤਵੰਤੇ ਮੈਂਬਰਾਂ ਦੀ ਹਾਜ਼ਰੀ ਵਿਚ ਸਰਦਾਰ ਕੁਲਤਾਰਨ ਸਿੰਘ ਕੋਛੜ ਨੂੰ ਇਹ ਨਿਯੁਕਤੀ ਪੱਤਰ ਸੌਂਪਿਆ। ਇਸ ਮੌਕੇ ਗੱਲਬਾਤ ਕਰਦਿਆਂ ਸਰਦਾਰ ਕੋਛੜ ਨੇ ਕਮੇਟੀ ਲੀਡਰਸ਼ਿਪ ਤੇ ਸੰਗਤ ਨੂੰ ਭਰੋਸਾ ਦੁਆਇਆ ਕਿ ਉਹ ਮਿਲੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਚਲਾਈਆਂ ਜਾ ਰਹੀਆਂ ਸਿੱਖਿਆ ਸੇਵਾਵਾਂ ਵਿਚ ਸੁਧਾਰ ਵਾਸਤੇ ਦਿਨ ਰਾਤ ਇਕ ਕਰ ਦੇਣਗੇ। ਇਸ ਮੌਕੇ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸਰਦਾਰ ਕੋਛੜ ਨੂੰ ਵਧਾਈ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਸਰਦਾਰ ਕੋਛੜ ਦੀ ਅਗਵਾਈ 'ਚ ਐਜੂਕੇਸ਼ਨ ਸੈਲ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰੇਗਾ। ਉਹਨਾਂ ਨੇ ਕਿਹਾ ਕਿ ਕਮੇਟੀ ਵੱਲੋਂ ਪਹਿਲਾਂ ਹੀ ਗੁਰਦੁਆਰਾ ਪ੍ਰਬੰਧਨ ਸਮੇਤ ਸਿੱਖਿਆ ਤੇ ਸਿਹਤ ਦੇ ਖੇਤਰ ਵਿਚ ਕਾਫੀ ਮਿਹਨਤ ਕੀਤੀ ਗਈ ਹੈ ਤੇ ਆਸ ਹੈ ਕਿ ਇਹ ਮਿਹਨਤ ਨਵ ਨਿਯੁਕਤੀ ਸਹਿਯੋਗੀ ਚੰਗੇ ਯਤਨਾਂ ਨਾਲ ਜਾਰੀ ਰੱਖਣਗੇ।




# ਬੀਤੇ ਦਿਨੀਂ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਕੀਤੇ ਫੈਸਲੇ ਸ਼ਲਾਘਾਯੋਗ: ਸਰਨਾ

ਨਵੀਂ ਦਿੱਲੀ 22 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਪ੍ਰੈਸ ਨੂੰ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਕੌਮ ਅੰਦਰ ਜੋ ਪਿਛਲੇ



ਸਾਲਾਂ ਤੋਂ ਆਪਸੀ ਇਤਫ਼ਾਕ ਦੀ ਘਾਟ ਤੇ ਨਿੱਜੀ ਰੰਜਿਸ਼ਾਂ ਕਾਰਨ ਵਖਰੇਵੇਂ ਬਣੇ ਹੋਏ ਸਨ । ਉਹਨਾਂ ਨੂੰ ਦੂਰ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਹੇਠ ਪੰਜ ਸਿੰਘ ਸਾਹਿਬਾਨਾਂ ਨੇ ਜੋ ਫੈਸਲੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਕੀਤੇ ਹਨ । ਉਹ ਸਾਰੇ ਸ਼ਲਾਘਾਯੋਗ ਹਨ । ਸਭ ਤੋਂ ਪਹਿਲਾਂ ਦੋ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਹਰਪਾਲ ਸਿੰਘ ਜੀ ਨੂੰ ਉਹਨਾਂ ਦੁਆਰਾ ਧਰਮ ਪ੍ਰਚਾਰ ਦੀ ਲਹਿਰ ਚਲਾਉਣ ਤੇ ਸਿੱਖੀ ਦੇ ਪ੍ਰਚਾਰ ਪ੍ਰਸਾਰ 'ਚ ਨਿਭਾਈਆਂ ਜਾ ਰਹੀਆਂ ਪ੍ਰਸੰਸਾਯੋਗ ਸੇਵਾਵਾਂ ਦੇ ਲਈ 'ਭਾਈ ਸਾਹਿਬ' ਦੀ ਉਪਾਧੀ ਬਖਸ਼ਿਸ਼ ਕੀਤੀ ਗਈ ਹੈ । ਇਹ ਬਹੁਤ ਹੀ ਚੰਗਾ ਕਾਰਜ ਹੈ ਕਿਉਂਕਿ ਪਿਛਲੇ ਲੰਮੇ ਸਮੇਂ ਤੋਂ 'ਭਾਈ ਸਾਹਿਬ' ਗਿਆਨੀ ਹਰਪਾਲ ਸਿੰਘ ਜੀ ਨਿਰਸਵਾਰਥ ਹੋ ਕੇ ਧਰਮ ਪ੍ਰਚਾਰ ਕਰਦੇ ਆ ਰਹੇ ਹਨ । ਇਸੇ ਤਰ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਪੰਜ ਪਿਆਰੇ ਜਿੰਨਾਂ ਨੇ ਲੰਮਾ ਸਮਾਂ ਅੰਮ੍ਰਿਤ ਸੰਚਾਰ ਦੀਆਂ ਸੇਵਾਵਾਂ ਨਿਭਾਈਆਂ ਗੁਰਪੁਰਵਾਸੀ ਗਿਆਨੀ ਮਲਕੀਤ ਸਿੰਘ ਖੰਡੂਰ ਜੀ ਦੀ ਸਿੰਘਣੀ ਬੀਬੀ ਹਰਜਿੰਦਰ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ । ਇਸਦੇ ਨਾਲ ਹੀ ਵੱਖ - ਵੱਖ ਸਮੇਂ ਤੇ ਹੋਈਆਂ ਭੁੱਲਾਂ ਕਾਰਨ ਪ੍ਰਚਾਰ ਤੋਂ ਦੂਰ ਕੀਤੇ ਗਏ ਭਾਈ ਰਣਜੀਤ ਸਿੰਘ ਢੱਡਰੀਆਂ, ਗਿਆਨੀ ਗੁਰਮੁਖ ਸਿੰਘ ਤੇ ਗਿਆਨੀ ਰਣਜੀਤ ਸਿੰਘ ਗੌਹਰ ਆਦਿ ਦੇ ਮਾਮਲੇ ਤੇ ਉਹਨਾਂ ਦਾ ਪੱਖ ਸੁਣਨ ਤੋਂ ਬਾਅਦ ਜਿਸ ਤਰ੍ਹਾਂ ਪੰਥਕ ਰਵਾਇਤ ਅਨੁਸਾਰ ਉਹਨਾਂ ਨੂੰ ਬਣਦੀ ਸੇਵਾ ਲਗਾਉਣ ਦੇ ਨਾਲ ਮੁੜ ਤੋਂ ਗੁਰੂ ਸਾਹਿਬ ਦੇ ਅਦਬ ਸਤਿਕਾਰ ਨੂੰ ਮੁੱਖ ਰੱਖਦੇ ਹੋਏ ਧਰਮ ਪ੍ਰਚਾਰ ਮੁੜ ਆਰੰਭ ਕਰਨ ਲਈ ਕਿਹਾ ਗਿਆ ਹੈ । ਇਹ ਬਹੁਤ ਹੀ ਸ਼ਲਾਘਾਯੋਗ ਵੀ ਹੈ ਤੇ ਕੌਮ ਦੀ ਲੋੜ ਵੀ ਹੈ ਕਿਉਂਕਿ ਅੱਜ ਸਾਨੂੰ ਧਰਮ ਪ੍ਰਚਾਰ ਵਿੱਚ ਆਈ ਖੜੋਤ ਤੋੜਨ ਦੀ ਲੋੜ ਹੈ । ਇਸੇ ਤਰ੍ਹਾਂ ਸ. ਹਰਵਿੰਦਰ ਸਿੰਘ ਸਰਨਾ ਵੱਲੋਂ ਖਿਮਾ ਜਾਚਨਾ ਕਰਨ ਤੋਂ ਬਾਅਦ ਉਹਨਾਂ ਦੀ ਸਿਹਤ ਨੂੰ ਦੇਖਦੇ ਹੋਏ ਜੋ ਵੀ ਫੈਸਲਾ ਸਿੰਘ ਸਾਹਿਬਾਨ ਨੇ ਕੀਤਾ ਹੈ ਉਹ ਸੁਆਗਤ ਯੋਗ ਹੈ । ਇਸਦੇ ਨਾਲ ਹੀ ਕੈਨੇਡਾ ਦੀ ਗੁਰੂ ਘਰ ਦੇ ਪ੍ਰਬੰਧਕਾਂ ਅਤੇ ਦਿੱਲੀ ਕਮੇਟੀ ਦੇ ਪ੍ਰਬੰਧ ਬਾਰੇ ਜੋ ਵੀ ਸਿੰਘ ਸਾਹਿਬ ਨੇ ਕਿਹਾ ਹੈ ਤੇ ਆਦੇਸ਼ ਕੀਤੇ ਹਨ । ਉਸਤੋਂ ਕੌਮ ਦੀ ਆਸ ਹੋਰ ਪ੍ਰਚੰਡ ਹੋਈ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਧਰਮ ਦਾ ਕੁੰਡਾ ਸਦਾ ਹੀ ਸਿਆਸਤ ਤੋਂ ਉੱਚਾ ਰੱਖਿਆ ਜਾਵੇਗਾ ਤੇ ਕੌਮ ਨੂੰ ਦਰਪੇਸ਼ ਚੁਣੌਤੀਆਂ ਦਾ ਮੁਕਾਬਲਾ ਕੀਤਾ ਜਾਵੇਗਾ । ਕੀਤੇ ਗਏ ਫ਼ੈਸਲਿਆਂ ਲਈ ਅਸੀਂ ਸਿੰਘ ਸਾਹਿਬਾਨਾਂ ਦਾ ਧੰਨਵਾਦ ਕਰਦੇ ਹਾਂ ਸਾਰੇ ਹੀ ਫੈਸਲਿਆਂ ਦਾ ਤਹਿ ਦਿਲੋਂ ਸੁਆਗਤ ਕਰਦੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਹਲਕਾ ਵਿਧਾਇਕਾ ਵਲੋਂ ਵੱਖ-ਵੱਖ ਪਿੰਡਾਂ 'ਚ ਕੀਤੇ ਸਮਾਗਮ

# ਅੱਜ ਲੋੜ ਹੈ ਪੰਜਾਬ ਦਾ ਪਾਣੀ ਅਤੇ ਜਵਾਨੀ ਬਚਾਈ ਜਾਵੇ- ਪ੍ਰੋ. ਬਲਜਿੰਦਰ ਕੌਰ



ਤਲਵੰਡੀ ਸਾਬੋ, 22 ਮਈ (ਗੁਰਜੰਟ ਸਿੰਘ ਨਥੇਹਾ)- ਨਸ਼ਾ ਮੁਕਤੀ ਯਾਤਰਾ ਦੇ ਲਗਾਤਾਰ 7ਵੇਂ ਦਿਨ ਚੀਫ ਵਿੱਪ ਅਤੇ ਵਿਧਾਇਕਾ ਤਲਵੰਡੀ ਸਾਬੋ ਪ੍ਰੋ. ਬਲਜਿੰਦਰ ਕੌਰ ਨੇ ਪਿੰਡ ਸਿੰਗੋ, ਜਗਾ ਰਾਮ ਤੀਰਥ-1 ਅਤੇ ਫਤਿਹਗੜ੍ਹ ਨੌਂਬਾਦ ਵਿਖੇ ਯੁਸ਼ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਆਮ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਮੁਹਿੰਮ ਵਿਚ ਆਮ ਲੋਕਾਂ ਦੇ ਨਾਲ-ਨਾਲ ਨੌਜਵਾਨ ਵਰਗ ਦੇ ਸਹਿਯੋਗ ਦੀ ਪੂਰਨ ਲੋੜ ਹੈ ਤਾਂ ਅਸੀ ਨਸ਼ਿਆਂ ਦੀ ਇਸ ਭੈੜੀ ਅਲਾਮਤ ਤੋਂ ਛੁਟਕਾਰਾ ਪਾ ਸਕਦੇ ਹਾਂ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ, ਖਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵਿੱਚ ਆਪਣੀ ਰੁਚੀ ਵਧਾਉਣ ਅਤੇ ਹੋਰਨਾਂ ਨੂੰ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾ ਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਲੋਕ ਦ੍ਰਿੜਤਾ ਨਾਲ ਪ੍ਰਣ ਕਰਨ ਅਤੇ ਹਰ ਹੀਲੇ ਉਸ ਪ੍ਰਣ ਨੂੰ ਨਿਭਾਉਣ ਵਿੱਚ ਕਿਸੇ ਵੀ ਨਾਗਰਿਕ ਨੂੰ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ। ਉਨ੍ਹਾਂ ਇਹ ਵੀ ਕਿਹਾ ਕਿ ਹਲਕੇ ਦੇ ਹਰ ਇੱਕ ਪਿੰਡ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ ਅਤੇ ਸਾਨੂੰ ਪੂਰੀ ਉਮੀਦ ਹੈ ਕਿ ਇਹ ਡਿਫੈਂਸ ਕਮੇਟੀਆਂ ਆਪਣੀ ਜਿੰਮੇਵਾਰੀ ਨੂੰ ਪੂਰੀ ਸ਼ਿੱਦਤ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਨਸ਼ਾ ਤਸਕਰਾਂ ਦੇ ਕਾਰੋਬਾਰ ਨੂੰ ਮੁਕੰਮਲ ਤੌਰ 'ਤੇ ਬੰਦ ਕਰਵਾਉਣ ਵਿੱਚ ਯੋਗਦਾਨ ਪਾਉਣਗੀਆਂ। ਉਨ੍ਹਾਂ ਪਿੰਡ ਵਾਸੀਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਅੱਜ ਲੋੜ ਹੈ ਕਿ ਪੰਜਾਬ ਦੇ ਪਾਣੀ ਅਤੇ ਜਵਾਨੀ ਬਚਾਏ ਜਾਣ, ਇਸ ਲਈ ਪੰਜਾਬ ਸਰਕਾਰ ਡਟੀ ਹੋਈ ਹੈ ਅਤੇ ਲੋਕ ਵੀ ਪੂਰਾ ਸਹਿਯੋਗ ਦੇਣ। ਉਨ੍ਹਾਂ ਪਿੰਡਾਂ ਦੇ ਪਹਿਰੇਦਾਰਾਂ ਨੂੰ ਮੁਹਿੰਮ ਵਿੱਚ ਸਰਗਰਮ ਹੋਣ ਦਾ ਵੀ ਸੱਦਾ ਦਿੱਤਾ। ਇਸ ਮੌਕੇ ਵੱਖ ਵੱਖ ਪਿੰਡਾਂ ਦੇ ਲੋਕਾਂ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਨੌਜਵਾਨਾਂ ਵੱਲੋਂ ਸ਼ਿਰਕਤ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਤੀਸਰੇ ਘੱਲੂਘਾਰੇ ਦੌਰਾਨ ਹੋਏ

# ਸ਼ਹੀਦਾਂ ਦੀ ਯਾਦ ਵਿੱਚ ਪਿੰਡ ਢੱਪਈਆ ਵਿਖੇ ਦੀਵਾਨ ਸਜਾਇਆ

## ਦੀਵਾਨ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਦੇ ਵੱਲੋਂ ਵਿਸ਼ੇਸ਼ ਰੂਪ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਸਨਮਾਨ ਕੀਤਾ ਗਿਆ











ਚੌਂਕ ਮਹਿਤਾ, 22 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਦੇ ਤੀਸਰਾ ਘੱਲੂਘਾਰਾ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ ਵੱਖ ਨਗਰਾਂ ਵਿਚ ਕਥਾ-ਕੀਰਤਨ ਸਮਾਗਮ ਕੀਤੇ ਜਾ ਰਹੇ ਹਨ। ਜਿਸ ਦੇ ਚਲਦਿਆਂ ਅੱਜ ਪਿੰਡ ਢੱਪਈਆ ਦੇ ਗੁਰਦੁਆਰਾ ਸਾਹਿਬ ਵਿੱਖੇ ਸ਼ਾਮ ਵੇਲੇ ਦਾ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਲਵਪਰੀਤ ਸਿੰਘ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਉਪਰੰਤ ਛੇਵੇ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦਾ ਇਤਿਹਾਸ ਪਵਿੱਤਰ ਪਾਵਨ ਗ੍ਰੰਥ ਸੂਰਜ ਪਰਕਾਸ਼ ਵਿੱਚੋਂ ਸੰਗਤਾਂ ਨੂੰ ਸਰਵਨ ਕਰਾਇਆ। ਪੋਥੀ ਸਾਹਿਬ ਜੀ ਦਾ ਜਾਪੁ ਭਾਈ ਸਤਨਾਮ ਸਿੰਘ ਖਾਲਸਾ ਨੇ ਕੀਤਾ,ਦੀਵਾਨ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਦੇ ਵੱਲੋਂ ਵਿਸ਼ੇਸ਼ ਰੂਪ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਦਾੜ੍ਹੀ ਕੇਸ ਰੱਖਣ, ਅੰਮ੍ਰਿਤ ਛੱਕਣ ਤੇ ਸਿੰਘ ਸੱਜਣ ਲਈ ਪ੍ਰੇਰਿਤ ਕੀਤਾ। ਜਿਕਰਯੋਗ ਹੈ ਕਿ ਹਰ ਸਾਲ ਦੀ ਤਰਾਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਵਿਚ ਜੂਨ 1984 ਦਾ ਤੀਸਰੇ ਘੱਲੂਘਾਰੇ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਮਹਾਨ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜਿਸ ਤਹਿਤ 1 ਮਈ ਤੋਂ 31 ਮਈ ਤਕ ਰੋਜਾਨਾ ਵੱਖ ਵੱਖ ਨਗਰਾਂ ਵਿਚ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਇਸ ਸਮੇਂ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਵੱਲੋਂ ਨਿਭਾਈ ਗਈ। ਇਸ ਦੌਰਾਨ ਬਹੁਤ ਗਿਣਤੀ ਵਿੱਚ ਸੰਗਤਾਂ ਨੇ ਹਾਜਰੀਆ ਭਰੀਆਂ, ਇਸ ਮੌਕੇ ਤੇ ਪਿੰਡ ਢੱਪਈਆ ਦੀ ਪੰਚਾਇਤ, ਗੁਰਦੁਆਰਾ ਸਾਹਿਬ ਦੀ ਪ੍ਰਬੰਦਕ ਕਮੇਟੀ ਹੈਡ ਗਰੰਥੀ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਸਮੂਹ ਮੈਬਰ ਅਤੇ ਸੰਗਤਾਂ ਨੇ ਹਾਜਰੀਆ ਭਰੀਆਂ। ਇਸ ਮੌਕੇ ਤੇ ਗਿਆਨੀ ਪ੍ਰਗਟ ਸਿੰਘ ਭੀਲੋਵਾਲ ਕਥਾਵਾਚਕ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਗੁਰਪ੍ਰੀਤ ਸਿੰਘ ਵੈਦ ਗੁਰਦੁਆਰਾ ਰਾਮ ਥੰਮਨ ਖੁਜਾਲਾ, ਜਥੇਦਾਰ ਬਾਬਾ ਬੋਹੜ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਪਰੋਫੈਸਰ ਜੋਬਨਜੀਤ ਸਿੰਘ ਦਮਦਮੀ ਟਕਸਾਲ, ਭਾਈ ਭਾਗ ਸਿੰਘ ਦਮਦਮੀ ਟਕਸਾਲ, ਤਰਨਾ ਦੱਲ ਮਹਿਤਾ ਦੇ ਮੁੱਖੀ ਜਥੇਦਾਰ ਅਜੀਤ ਸਿੰਘ, ਹੈਡ ਗਰੰਥੀ ਗਿਆਨੀ ਗੁਰਦੀਪ ਸਿੰਘ ਦਮਦਮੀ ਟਕਸਾਲ, ਭਾਈ ਨਿਰਮਲ ਸਿੰਘ ਦਮਦਮੀ ਟਕਸਾਲ,ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਭਾਈ ਨਰਿੰਦਰ ਸਿੰਘ ਦਮਦਮੀ ਟਕਸਾਲ, ਸਰਪੰਚ ਹਰਜਿੰਦਰ ਸਿੰਘ ਜੱਜ,ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਤੀਸਰੇ ਘੱਲੂਘਾਰੇ ਦੌਰਾਨ ਹੋਏ ਸ਼ਹੀਦਾਂ ਦੀ ਯਾਦ ਵਿੱਚ

# ਗੁਰਦੁਆਰਾ ਦਮਦਮਾ ਸਾਹਿਬ ਪਿੰਡ ਭੀਲੋਵਾਲ ਦੀਵਾਨ ਸਜਾਇਆ








ਚੌਕ ਮਹਿਤਾ, 2 2 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਮੱਤੇਵਾਲ ਅਗਵਾਈ ਹੇਠ ਚੱਲ ਰਹੀ ਕਾਰ ਸੇਵਾ ਗੁਰਦੁਆਰਾ ਦਮਦਮਾ ਸਾਹਿਬ ਪਿੰਡ ਭੀਲੋਵਾਲ ਵਿੱਖੇ ਤੀਸਰੇ ਘੱਲੂਘਾਰੇ ਦੌਰਾਨ ਹੋਏ ਸਹੀਦਾਂ ਦੀ ਯਾਦ ਵਿੱਚ ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਦੇ ਤੀਸਰਾ ਘੱਲੂਘਾਰਾ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ ਵੱਖ ਨਗਰਾਂ ਵਿਚ ਕਥਾ-ਕੀਰਤਨ ਸਮਾਗਮ ਕੀਤੇ ਜਾ ਰਹੇ ਹਨ। ਜਿਸ ਦੇ ਚਲਦਿਆਂ ਅੱਜ ਪਿੰਡ ਭੀਲੋਵਾਲ ਗੁਰਦੁਆਰਾ ਦਮਦਮਾ ਸਾਹਿਬ ਵਿੱਖੇ ਸ਼ਾਮ ਵੇਲੇ ਦਾ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਲਵਪਰੀਤ ਸਿੰਘ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਉਪਰੰਤ ਛੇਵੇ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ




ਦਾ ਇਤਹਾਸ 52 ਰਾਜਿਆ ਨੂੰ ਆਪਣੇ ਚੋਲੇ ਦੀਆਂ ਗਲੀਆਂ ਫੜਕੇ ਆਜ਼ਾਦ ਕਰ ਵਾਇਆ ਪਵਿੱਤਰ ਪਾਵਨ ਗ੍ਰੰਥ ਸੂਰਜ ਪਰਕਾਸ਼ ਵਿੱਚੋਂ ਸੰਗਤਾਂ ਨੂੰ ਸਰਵਨ ਕਰਾਇਆ। ਪੋਥੀ ਸਾਹਿਬ ਜੀ ਦਾ ਜਾਪੁ ਭਾਈ ਸਤਨਾਮ ਸਿੰਘ ਖਾਲਸਾ ਨੇ ਕੀਤਾ,ਦੀਵਾਨ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਦੇ ਵੱਲੋਂ ਵਿਸ਼ੇਸ਼ ਰੂਪ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਦਾੜ੍ਹੀ ਕੇਸ ਰੱਖਣ, ਅੰਮ੍ਰਿਤ ਛੱਕਣ ਤੇ ਸਿੰਘ ਸੱਜਣ ਲਈ ਪ੍ਰੇਰਿਤ ਕੀਤਾ। ਜਿਕਰਯੋਗ ਹੈ ਕਿ ਹਰ ਸਾਲ ਦੀ ਤਰਾਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਵਿਚ ਜੂਨ 1984 ਦਾ ਤੀਸਰੇ ਘੱਲੂਘਾਰੇ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਮਹਾਨ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜਿਸ ਤਹਿਤ 1 ਮਈ ਤੋਂ 31 ਮਈ ਤਕ ਰੋਜਾਨਾ ਵੱਖ ਵੱਖ ਨਗਰਾਂ ਵਿਚ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਇਸ ਸਮੇਂ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਵੱਲੋਂ ਨਿਭਾਈ ਗਈ। ਇਸ ਦੌਰਾਨ ਬਹੁਤ ਗਿਣਤੀ ਵਿੱਚ ਸੰਗਤਾਂ ਨੇ ਹਾਜਰੀਆ ਭਰੀਆਂ, ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਬੋਪਾਰਾਏ ਮੱਤੇਵਾਲ ਵਾਲੇ, ਗਿਆਨੀ ਪਰਗਟ ਸਿੰਘ ਕਥਾਵਾਚਕ ਭੀਲੋਵਾਲ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ ਮੁੱਖ ਬੁਲਾਰਾ ਸੰਤ ਸਮਾਜ, ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ ਵਾਲੇ, ਸੰਤ ਬਾਬਾ ਮਲਕੀਅਤ ਸਿੰਘ ਜਬੋਵਾਲ, ਤੇਜਬੀਰ ਸਿੰਘ ਭਲਾਈ ਪੁਰ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਿੰਘ ਵਾਲੇ, ਰਣਜੀਤ ਸਿੰਘ ਬਾਠ ਬਾਬੋਵਾਲ, ਬਾਬਾ ਰਾਜਾ ਜੀ, ਹੈਡ ਗਰੰਥੀ ਭਾਈ ਰਣਜੀਤ ਸਿੰਘ, ਜਗਰੂਪ ਸਿੰਘ ਬੋਪਾਰਾਏ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਗੁਰਪ੍ਰੀਤ ਸਿੰਘ ਵੈਦ ਗੁਰਦੁਆਰਾ ਰਾਮ ਥੰਮਨ ਖੁਜਾਲਾ, ਜਥੇਦਾਰ ਬਾਬਾ ਬੋਹੜ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਪਰੋਫੈਸਰ ਜੋਬਨਜੀਤ ਸਿੰਘ ਦਮਦਮੀ ਟਕਸਾਲ, ਭਾਈ ਭਾਗ ਸਿੰਘ ਦਮਦਮੀ ਟਕਸਾਲ, ਤਰਨਾ ਦੱਲ ਮਹਿਤਾ ਦੇ ਮੁੱਖੀ ਜਥੇਦਾਰ ਅਜੀਤ ਸਿੰਘ, ਹੈਡ ਗਰੰਥੀ ਗਿਆਨੀ ਗੁਰਦੀਪ ਸਿੰਘ ਦਮਦਮੀ ਟਕਸਾਲ, ਭਾਈ ਨਿਰਮਲ ਸਿੰਘ ਦਮਦਮੀ ਟਕਸਾਲ,ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਭਾਈ ਨਰਿੰਦਰ ਸਿੰਘ ਦਮਦਮੀ ਟਕਸਾਲ, ਸਰਪੰਚ ਹਰਜਿੰਦਰ ਸਿੰਘ ਜੱਜ,ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

## ਗੁਰੂ ਕਾਸ਼ੀ ਯੂਨੀਵਰਸਿਟੀ ਤੇ ਦੇਵੋ ਹਰਬਜ਼ ਚੰਡੀਗੜ੍ਹ ਵਿਚਕਾਰ ਦੁਵੱਲਾ ਸਮਝੌਤਾ ਸਹੀਬੱਧ

# ਜੀ.ਕੇ.ਯੂ. ਵਿਖੇ ਜਲਦੀ ਸ਼ੁਰੂ ਹੋਵੇਗਾ "ਡਿਵਾਈਨ ਔਰਾ" ਸਟੂਡੀਓ




**ਤਲਵੰਡੀ ਸਾਬੋ, 22 ਮਈ (ਗੁਰਜੰਟ ਸਿੰਘ ਨਥੇਹਾ)**- ਚਾਂਸਲਰ ਸ. ਗੁਰਲਾਭ ਸਿੰਘ ਸਿਧੂ ਦੀ ਪ੍ਰੇਰਣਾ ਤੇ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਉਪ ਕੁਲਪਤੀ ਦੀ ਰਹਿ ਨੁਮਾਈ ਹੇਠ ਗੁਰੂ ਕਾਸ਼ੀ ਯੂਨੀਵਰਸਿਟੀ ਤੇ ਦੇਵੋ ਹਰਬਜ਼, ਚੰਡੀਗੜ੍ਹ ਵਿਚਕਾਰ ਡਾ. ਪੀਯੂਸ਼ ਵਰਮਾ ਰਜਿਸਟਰਾਰ ਤੇ ਡਾ. ਸੰਜੀਵ ਦੇਵਗਨ ਮੈਨੇਜ਼ਿੰਗ ਡਾਇਰੈਕਟਰ ਦੇਵੋ ਹਰਬਜ਼ ਵੱਲੋਂ ਡਾ.ਜਗਤਾਰ ਸਿੰਘ ਧੀਮਾਨ ਪਰੋ. ਵਾਈਸ ਚਾਂਸਲਰ, ਡਾ. ਕੰਵਲਜੀਤ ਕੌਰ ਡਾਇਰੈਕਟਰ ਯੂਥ ਅਫੇਅਰ ਐਂਡ ਕਲਚਰ ਤੇ ਕਰਨਲ ਸੁਨੀਲ ਸ਼ਰਮਾ ਦੀ ਹਾਜ਼ਰੀ ਵਿੱਚ ਦੁਵੱਲਾ ਸਮਝੌਤਾ ਸਹੀਬੱਧ ਕੀਤਾ ਗਿਆ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉੱਪ ਕੁਲਪਤੀ ਡਾ. ਸਿੰਘ ਨੇ ਕਿਹਾ ਕਿ ਨੋਡਲ ਅਫਸਰ ਡਾਇਰੈਕਟਰ ਯੂਥ ਅਫੇਅਰ ਐਂਡ ਕਲਚਰ ਦੀ ਮਿਹਨਤ ਸਦਕਾ ਜੀ.ਕੇ.ਯੂ. ਵੱਲੋਂ ਆਮ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਤੇ ਸੁੰਦਰ ਦਿੱਖ ਪ੍ਰਤੀ ਚੇਤਨਤਾ ਪੈਦਾ ਕਰਨ ਲਈ ਇਹ ਸਮਝੌਤਾ ਸਹੀਬੱਧ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਵਰਸਿਟੀ ਦੇ ਬਨਸਪਤੀ ਬਾਗ ਵਿੱਚ ਵੱਖ-ਵੱਖ ਤਰ੍ਹਾਂ ਦੇ ਸੁਗੰਧੀ ਅਤੇ ਔਸ਼ਧੀਆਂ ਨਾਲ ਸੰਬੰਧਿਤ ਪੌਦੇ ਲਗਾਏ ਗਏ ਹਨ। ਕੁਦਰਤੀ ਜੜੀ ਬੂਟੀਆਂ ਦੇ ਫਾਇਦੇ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਅਤੇ ਆਪਣੇ ਆਪ ਨੂੰ ਸੰਵਾਰਨ ਲਈ ਇਹ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਮਝੌਤੇ ਅਨੁਸਾਰ ਵਰਸਿਟੀ ਵਿਖੇ ਡਿਵਾਈਨ ਔਰਾ ਨਾਮ ਦਾ ਸਟੂਡੀਓ ਸਥਾਪਿਤ ਕੀਤਾ ਜਾਵੇਗਾ। ਜਿਸ ਵਿੱਚ ਵਿਦਿਆਰਥੀਆਂ ਨੂੰ ਇਸ ਸੰਬੰਧੀ ਟ੍ਰੇਨਿੰਗ ਅਤੇ ਆਮ ਲੋਕਾਂ ਦਾ ਇਲਾਜ਼ ਕੀਤਾ ਜਾਵੇਗਾ। ਡਾ. ਧੀਮਾਨ ਨੇ ਕਿਹਾ ਕਿ ਇਸ ਸਮਝੌਤੇ ਨਾਲ ਲੜਕੀਆਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ ਅਤੇ ਨਵੀਆਂ ਸੰਭਾਵਨਾਵਾਂ ਬਣਨਗੀਆਂ। ਉਨ੍ਹਾਂ ਇਸ ਪਹਿਲਕਦਮੀ ਨੂੰ ਵਿਦਿਆਰਥੀਆਂ ਲਈ ਸਵੈ ਉਦਯੋਗ ਸਥਾਪਿਤ ਕਰਨ ਦਾ ਨਵਾਂ ਰਸਤਾ ਦੱਸਿਆ। ਉਨ੍ਹਾਂ ਸਮਝੌਤੇ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਦੇਵੋ ਹਰਬਜ਼ ਵੱਲੋਂ ਲੜਕੀਆਂ ਨੂੰ ਵਾਲ, ਚੇਹਰੇ ਅਤੇ ਨਹੁੰ ਸਜਾਉਣ ਤੇ ਸੰਵਾਰਨ ਦੀ ਟ੍ਰੇਨਿੰਗ ਦਿੱਤੀ ਜਾਵੇਗੀ। ਦੇਵੋ ਹਰਬਜ਼ ਪਿਛਲੇ ਲਗਭਗ ਦੋ ਸਦੀਆਂ ਤੋਂ ਭਾਰਤੀ ਕੁਦਰਤੀ ਜੜੀ ਬੂਟੀਆਂ ਤੇ ਖੋਜ ਕਾਰਜ ਕਰ ਰਹੀ ਹੈ। ਡਾ. ਵਰਮਾ ਨੇ ਸਮਝੌਤੇ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਤਹਿਤ ਵਰਸਿਟੀ ਵੱਲੋਂ ਇੱਕ, ਤਿੰਨ ਅਤੇ ਛੇ ਮਹੀਨੇ ਦੇ ਟ੍ਰੇਨਿੰਗ ਪ੍ਰੋਗਰਾਮ ਸ਼ੁਰੂ ਕੀਤੇ ਜਾਣਗੇ। ਟ੍ਰੇਨਿੰਗ ਉਪਰਾਂਤ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਵੰਡੇ ਜਾਣਗੇ।'ਵਰਸਿਟੀ ਦੇ ਨੇੜਲੇ ਪਿੰਡਾਂ ਦੀਆਂ ਸੁਆਣੀਆਂ, ਲੜਕੀਆਂ ਨੂੰ ਆਰਥਿਕ ਪੱਖੋਂ ਪੱਕੇ ਪੈਰੀਂ ਕਰਨ ਲਈ ਪਿੰਡਾਂ ਵਿੱਚ ਵਰਕਸ਼ਾਪ ਅਤੇ ਸੈਮੀਨਾਰਾਂ ਦਾ ਆਯੋਜਨ ਕੀਤਾ ਜਾਏਗਾ।

# ਕਿਸਾਨਾਂ ਪ੍ਰਤੀ 'ਆਪ' ਸਰਕਾਰ ਦਾ ਵਤੀਰਾ ਤਾਨਾਸ਼ਾਹੀ ਵਾਲਾ- ਗੁਰਬਾਜ਼ ਸਿੰਘ ਸਿੱਧੂ



ਤਲਵੰਡੀ ਸਾਬੋ, 22 ਮਈ (ਗੁਰਜੰਟ ਸਿੰਘ ਨਥੇਹਾ)- ਕਿਸਾਨੀ ਧਰਨਿਆਂ 'ਚ ਬੈਠ ਬੈਠ ਕੇ ਪੰਜਾਬ ਦੀ ਸੱਤਾ ਤੇ ਕਾਬਿਜ਼ ਹੋਈ ਆਮ ਆਦਮੀ ਪਾਰਟੀ ਹੁਣ ਸਰਕਾਰ 'ਚ ਰਹਿੰਦਿਆਂ ਕਿਸਾਨਾਂ ਪ੍ਰਤੀ ਤਾਨਾਸ਼ਾਹੀ ਵਾਲਾ ਵਤੀਰਾ ਅਪਨਾ ਕੇ ਚੱਲ ਰਹੀ ਹੈ ਜੋ ਲੋਕਤੰਤਰੀ ਕਦਰਾਂ ਕੀਮਤਾਂ ਲਈ ਘਾਤਕ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਦੇ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਪਿੰਡਾਂ ਦੇ ਦੌਰੇ ਉਪਰੰਤ ਗੱਲਬਾਤ ਕਰਦਿਆਂ ਕੀਤਾ। ਉਨਾਂ ਕਿਹਾ ਕਿ ਕਿਸਾਨੀ ਸੰਘਰਸ਼ ਨੂੰ ਜ਼ੋਰ ਜ਼ਬਰ ਨਾਲ ਦਬਾਉਣ ਤੋਂ ਉਪਰੰਤ ਹੁਣ ਜਿਵੇਂ ਕਿਸਾਨ ਆਗੂਆਂ ਪ੍ਰਤੀ ਗੁੰਮਰਾਹਕੁੰਨ ਬਿਆਨਬਾਜ਼ੀ ਸੱਤਾਧਿਰ ਦੇ ਆਗੂਆਂ ਵੱਲੋਂ ਕੀਤੀ ਜਾ ਰਹੀ ਹੈ ਉਹ ਦਿੱਲੀ ਦੇ ਆਗੂਆਂ ਨੂੰ ਖੁਸ਼ ਕਰਨ ਲਈ ਅਤੇ ਕਿਸਾਨਾਂ ਨੂੰ ਜਥੇਬੰਦੀਆਂ ਤੋਂ ਦੂਰ ਕਰਨ ਦੀ ਇੱਕ ਸੋਚੀ ਸਮਝੀ ਸਾਜਿਸ਼ ਦਾ ਹਿੱਸਾ ਜਾਪਦੀ ਹੈ ਜਦੋਂਕਿ ਕਿਸਾਨ ਆਗੂਆਂ ਨੇ ਸਮੇਂ-ਸਮੇਂ 'ਤੇ ਕਿਸਾਨੀ ਮੰਗਾਂ ਲਈ ਤਿੱਖੇ ਸੰਘਰਸ਼ਾਂ ਦਾ ਸਾਹਮਣਾ ਕੀਤਾ ਹੈ ਅਤੇ ਦਿੱਲੀ ਕਿਸਾਨ ਮੋਰਚਾ ਇਸਦਾ ਇੱਕ ਵੱਡਾ ਸਬੂਤ ਹੈ।ਸਿੱਧੂ ਨੇ ਕਿਹਾ ਕਿ ਸੂਬਾ ਸਰਕਾਰ ਨੂੰ ਸਮਝਦਾਰੀ ਤੋਂ ਕੰਮ ਲੈਣਾ ਚਾਹੀਦਾ ਹੈ ਅਤੇ ਦਿੱਲੀ ਵਾਲਿਆਂ ਦਾ ਹੱਥਠੋਕਾ ਬਨਣ ਦੀ ਵਜਾਏ ਆਪਣੇ ਸੂਬੇ ਦੇ ਕਿਸਾਨਾਂ ਨਾਲ ਖੜਕੇ ਕੇਂਦਰ ਤੋਂ ਕਿਸਾਨੀ ਮੰਗਾਂ ਮੰਨਵਾਉਣ ਲਈ ਬਣਦਾ ਸਾਥ ਦੇਣਾ ਚਾਹੀਦਾ ਹੈ। ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਹਲਕੇ ਦੇ ਦੌਰੇ ਦੌਰਾਨ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰੀ ਉੱਥੇ ਲੋਕ ਮੁਸ਼ਿਕਲਾਂ ਸੁਣਦਿਆਂ ਉਨਾਂ ਦੇ ਜਲਦ ਹੱਲ ਦਾ ਯਕੀਨ ਦਵਾਇਆ।ਇਸ ਮੌਕੇ ਉਨਾਂ ਨਾਲ ਕਾਂਗਰਸ ਦੇ ਸੀਨੀਅਰ ਆਗੂ ਸੁਖਬੀਰ ਸਿੰਘ ਚੱਠਾ, ਤਰਸੇਮ ਸਿੰਘ ਲਾਲੇਆਣਾ, ਸੁਖਵੰਤ ਸਿੰਘ ਕਾਲਾ ਰਾਮਾਂ, ਹੈਪੀ ਖੋਸਾ, ਚਰਨਾ ਭਾਗੀਵਾਂਦਰ, ਗੁਰਮੇਲ ਸਿੰਘ ਲਾਲੇਆਣਾ, ਕ੍ਰਿਸ਼ਨ ਯਾਦਵ, ਸਮੁੰਦਾ ਸਿੰਘ ਗਿੱਲ, ਜਗਦੀਪ ਸਿੰਘ ਗੋਦਾਰਾ ਅਤੇ ਹਰਪਾਲ ਵਿਰਕ ਆਦਿ ਆਗੂ ਮੌਜੂਦ ਸਨ।

**ਮੁੱਖ ਮੰਤਰੀ ਵੱਲੋਂ 99 ਫੀਸਦੀ ਤੋਂ ਵੱਧ ਕਰਜ਼ਾ ਵਸੂਲ ਕੇ ਮਿਸਾਲ ਕਾਇਮ ਕਰਨ ਵਾਲੀਆਂ ਧੂਰੀ ਸਰਕਲ ਦੀਆਂ ਸਹਿਕਾਰੀ ਸਭਾਵਾਂ ਦਾ ਸਨਮਾਨ**

# ਕਿਸਾਨਾਂ ਨੂੰ ਸਹਿਕਾਰੀ ਬੈਂਕਾਂ ਵਿੱਚ ਖਾਤੇ ਖੁੱਲ੍ਹਵਾਉਣ ਦੀ ਅਪੀਲ




**ਧੂਰੀ ( ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਧੂਰੀ ਸਰਕਲ ਦੀਆਂ ਸਹਿਕਾਰੀ ਸਭਾਵਾਂ ਦਾ ਸਨਮਾਨ ਕੀਤਾ ਜਿਨ੍ਹਾਂ ਨੇ 99 ਫੀਸਦੀ ਤੋਂ ਵੱਧ ਕਰਜ਼ਾ ਵਸੂਲ ਕੇ ਨਵੀਂ ਮਿਸਾਲ ਕਾਇਮ ਕੀਤੀ ਹੈ।

ਅੰਤਰਰਾਸ਼ਟਰੀ ਸਹਿਕਾਰਤਾ ਵਰ੍ਹਾ ਮਨਾਉਣ ਲਈ ਕਰਵਾਏ ਗਏ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਧੂਰੀ ਸਰਕਲ ਦੀਆਂ ਸਹਿਕਾਰੀ ਸਭਾਵਾਂ ਨੇ 99% ਤੋਂ ਵੱਧ ਕਰਜ਼ਿਆਂ ਦੀ ਵਸੂਲੀ ਕਰਕੇ ਨਵੇਂ ਦਿਸਹੱਦੇ ਕਾਇਮ ਕੀਤੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸੁਸਾਇਟੀਆਂ ਨੂੰ ਸਨਮਾਨਿਤ ਕਰਨ ਲਈ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ ਤਾਂ ਕਿ ਦੂਜਿਆਂ ਨੂੰ ਵੀ ਪ੍ਰੇਰਨਾ ਮਿਲ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਦੇਖ ਕੇ ਖੁਸ਼ੀ ਹੁੰਦੀ ਹੈ ਕਿ ਇਨ੍ਹਾਂ ਸੁਸਾਇਟੀਆਂ ਨੇ ਉਸ ਵੇਲੇ ਇਹ ਸ਼ਾਨਦਾਰ ਕੰਮ ਕੀਤਾ ਹੈ, ਜਦੋਂ ਸੂਬੇ ਭਰ ਦੀਆਂ ਬਹੁਤੀਆਂ ਸੁਸਾਇਟੀਆਂ ਆਪਣੇ ਬਕਾਇਆ ਕਰਜ਼ੇ ਦੀ ਵਸੂਲੀ ਕਰਨ ਵਿੱਚ ਅਸਫਲ ਰਹੀਆਂ ਹਨ।

## ਕਿਸਾਨਾਂ ਨੂੰ ਕਰਜ਼ੇ ਤੋਂ ਖਹਿੜਾ ਛੁਡਵਾਉਣ ਲਈ ਸਾਦੇ ਵਿਆਹ ਸਮਾਗਮਾਂ 'ਤੇ ਜ਼ੋਰ

ਮੁੱਖ ਮੰਤਰੀ ਨੇ ਕਿਹਾ ਕਿ ਸਹਿਕਾਰੀ ਖੇਤਰ ਨੂੰ ਮਜ਼ਬੂਤ ਕਰਨ ਦੀ ਲੋੜ ਹੈ ਕਿਉਂਕਿ ਇਹ ਕਿਸਾਨਾਂ ਅਤੇ ਹੋਰ ਭਾਈਵਾਲਾਂ ਦੇ ਲਾਭ ਨੂੰ ਯਕੀਨੀ ਬਣਾਏਗਾ। ਉਨ੍ਹਾਂ ਨੇ ਕਿਸਾਨਾਂ ਅਤੇ ਹੋਰਾਂ ਨੂੰ ਸਹਿਕਾਰੀ ਬੈਂਕਾਂ ਵਿੱਚ ਆਪਣੇ ਖਾਤੇ ਖੁੱਲ੍ਹਵਾਉਣ ਦੀ ਅਪੀਲ ਕੀਤੀ ਜੋ ਦੂਜੇ ਬੈਂਕਾਂ ਨਾਲੋਂ ਕਰਜ਼ਿਆਂ 'ਤੇ 3% ਘੱਟ ਵਿਆਜ ਦੀ ਪੇਸ਼ਕਸ਼ ਕਰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਹਿਕਾਰੀ ਬੈਂਕਾਂ ਬਾਰੇ ਕਈ ਗਲਤਫਹਿਮੀਆਂ ਹਨ ਅਤੇ ਕਿਸਾਨਾਂ ਨੂੰ ਇਸ ਦਾ ਸ਼ਿਕਾਰ ਨਹੀਂ ਹੋਣਾ ਚਾਹੀਦਾ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਬੈਂਕਾਂ ਦੀ ਕਾਰਜਕੁਸ਼ਲਤਾ ਨੂੰ ਹੋਰ ਅਸਰਦਾਰ ਬਣਾਉਣ ਲਈ ਬੈਂਕਿੰਗ ਖੇਤਰਾਂ ਦੇ ਮਾਹਿਰਾਂ ਦੀਆਂ ਸੇਵਾਵਾਂ ਵੀ ਲੈ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਕਿਸਾਨ ਇਨ੍ਹਾਂ ਬੈਂਕਾਂ ਵਿੱਚ ਆਪਣੇ ਖਾਤੇ ਖੋਲ੍ਹਣ ਤਾਂ ਜੋ ਬੈਂਕਾਂ ਵਿੱਚ ਆਰਥਿਕ ਗਤੀਵਿਧੀਆਂ ਨੂੰ ਹੋਰ ਹੁਲਾਰਾ ਮਿਲ ਸਕੇ। ਸੂਬੇ ਵਿੱਚ ਵੱਡੇ ਤੇ ਖਰਚੀਲੇ ਵਿਆਹਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਆਮ ਕਿਸਾਨਾਂ ਦੀਆਂ ਜੇਬਾਂ 'ਤੇ ਵੱਡਾ ਬੋਝ ਪਾ ਰਹੇ ਹਨ।

ਮੁੱਖ ਮੰਤਰੀ ਨੇ ਸਾਦੇ ਵਿਆਹਾਂ ਦੀ ਵਕਾਲਤ ਕਰਦਿਆਂ ਕਿਹਾ ਕਿ ਇਹ ਸਮੇਂ ਦੀ ਬਹੁਤ ਵੱਡੀ ਲੋੜ ਹੈ ਤਾਂ ਜੋ ਕਿਸਾਨਾਂ ਨੂੰ ਕਰਜ਼ੇ ਦੇ ਚੱਕਰ ਵਿੱਚੋਂ ਬਾਹਰ ਕੱਢਿਆ ਜਾ ਸਕੇ। ਉਨ੍ਹਾਂ ਕਿਹਾ ਕਿ ਖਰਚੀਲੇ ਵਿਆਹਾਂ ਤੋਂ ਬਚਣਾ ਚਾਹੀਦਾ ਹੈ ਕਿਉਂਕਿ ਇਹ ਸੂਬੇ ਦੇ ਕਿਸਾਨਾਂ ਨੂੰ ਕਰਜ਼ੇ ਦੇ ਬੋਝ ਥੱਲ੍ਹੇ ਦੱਬ ਦਿੰਦੇ ਹਨ ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਗੰਭੀਰ ਨਤੀਜੇ ਭੁਗਤਣੇ ਪੈਂਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਿਸਾਨਾਂ ਨੂੰ ਇਕ-ਦੂਜੇ ਦੀ ਦੇਖਾ-ਦੇਖੀ ਫਜ਼ੂਲ ਪੈਸੇ ਖਰਚਣ ਦੀ ਅੰਨ੍ਹੀ ਦੌੜ ਤੋਂ ਬਚਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਸਾਨਾਂ ਨੂੰ ਸਹਿਕਾਰੀ ਸਭਾਵਾਂ ਤੋਂ ਖੇਤੀ ਸੰਦ ਕਿਰਾਏ 'ਤੇ ਲੈ ਕੇ ਵਰਤਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਨਾਲ ਖੇਤੀ 'ਤੇ ਹੋਣ ਵਾਲੇ ਖਰਚ ਨੂੰ ਘਟਾਉਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪਹਿਲਾਂ ਹੀ ਸਹਿਕਾਰੀ ਸਭਾਵਾਂ ਨੂੰ ਅਜਿਹੇ ਸੰਦਾਂ ਦੀ ਖਰੀਦ ਲਈ ਸਬਸਿਡੀ ਦੇ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਸਰੋਤਾਂ ਦੀ ਵਰਤੋਂ ਸਮਝਦਾਰੀ ਨਾਲ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਖੇਤੀਬਾੜੀ ਨੂੰ ਲਾਭਦਾਇਕ ਕਿੱਤਾ ਬਣਾਇਆ ਜਾ ਸਕੇ ਅਤੇ ਇਸ 'ਤੇ ਹੋਣ ਵਾਲੇ ਖਰਚੇ ਨੂੰ ਘਟਾਇਆ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਪਹਿਲਾਂ ਹੀ ਸੂਬੇ ਵਿੱਚ ਸਹਿਕਾਰੀ ਖੇਤਰ ਨੂੰ ਮਜ਼ਬੂਤ ਕਰਨ ਲਈ ਬਹੁਤ ਜ਼ੋਰ ਦੇ ਰਹੀ ਹੈ। ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸਹਿਕਾਰੀ ਖੇਤਰ ਦੇਸ਼ ਦੀ ਜੀਵਨ ਰੇਖਾ ਹੈ, ਜਿਸ ਨੇ ਆਜ਼ਾਦੀ ਤੋਂ ਬਾਅਦ ਦੇਸ਼ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਸਹਿਕਾਰਤਾ ਲਹਿਰ ਨੇ ਸਮਾਜ ਦੇ ਸਾਰੇ ਵਰਗਾਂ ਖਾਸ ਕਰਕੇ ਕਿਸਾਨ ਭਾਈਚਾਰੇ ਨੂੰ ਬਹੁਤ ਲਾਭ ਪਹੁੰਚਾਇਆ ਹੈ, ਜਿਨ੍ਹਾਂ ਨੇ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮ ਨਿਰਭਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਕੂਲ ਸਿੱਖਿਆ ਦੇ ਨਤੀਜਿਆਂ ਵਿੱਚ ਕੁੜੀਆਂ ਨੇ ਇਕ ਵਾਰ ਫਿਰ ਮੁੰਡਿਆਂ ਨੂੰ ਪਛਾੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਨਤੀਜੇ ਪੰਜਾਬ ਵਿੱਚ ਮਿਆਰੀ ਸਿੱਖਿਆ ਲਈ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਠੋਸ ਯਤਨਾਂ ਨੂੰ ਦਰਸਾਉਂਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਸੁਹਿਰਦ ਯਤਨਾਂ ਦਾ ਲੜਕੀਆਂ ਨੂੰ ਬਹੁਤ ਫਾਇਦਾ ਹੋਇਆ ਹੈ ਜਿਸ ਨਾਲ ਸਿੱਖਿਆ ਦੇ ਖੇਤਰ ਵਿੱਚ ਸਿਖਰਲੀਆਂ ਪੁਜੀਸ਼ਨਾਂ ਪ੍ਰਾਪਤ ਕਰਕੇ ਉਨ੍ਹਾਂ ਦੇ ਸਸ਼ਕਤੀਕਰਨ ਦਾ ਰਾਹ ਪੱਧਰਾ ਹੋਇਆ ਹੈ। ਮੁੱਖ ਮੰਤਰੀ ਨੇ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਸ਼ਾਨਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਲੜਕੀਆਂ ਆਪਣੀ ਸਖ਼ਤ ਮਿਹਨਤ ਤੇ ਲਗਨ ਨਾਲ ਬੁਲੰਦੀਆਂ ਛੂਹਣ ਦੇ ਸਮਰੱਥ ਹੋਈਆਂ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀ, ਉਨ੍ਹਾਂ ਦੇ ਮਾਪੇ ਅਤੇ ਅਧਿਆਪਕ ਇਸ ਪ੍ਰਾਪਤੀ ਲਈ ਸ਼ਲਾਘਾ ਦੇ ਹੱਕਦਾਰ ਹਨ। ਉਨ੍ਹਾਂ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਵਿਦਿਆਰਥਣਾਂ, ਦੂਜੇ ਵਿਦਿਆਰਥੀਆਂ ਲਈ ਰੋਲ ਮਾਡਲ ਬਣਨਗੀਆਂ ਅਤੇ ਉੱਚ ਸਿੱਖਿਆ ਪ੍ਰਾਪਤ ਕਰਕੇ ਸਿੱਖਿਆ ਦੇ ਖੇਤਰ ਵਿੱਚ ਸਿਖਰਲੇ ਸਥਾਨ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਨਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਵਿਦਿਆਰਥੀਆਂ, ਖਾਸ ਕਰਕੇ ਲੜਕੀਆਂ ਲਈ ਸਕੂਲ ਸਿੱਖਿਆ ਦਾ ਸਭ ਤੋਂ ਵਧੀਆ ਮਾਹੌਲ ਪ੍ਰਦਾਨ ਕਰਨ ਲਈ ਵਚਨਬੱਧ ਹੈ ਤਾਂ ਜੋ ਉਹ ਆਪਣੇ ਜੀਵਨ ਵਿੱਚ ਸਫਲ ਹੋ ਸਕਣ।

ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਪੰਜਾਬੀਆਂ ਨੇ ਸਾਬਤ ਕਰ ਦਿੱਤਾ ਹੈ ਕਿ ਜੇਕਰ ਸੂਬਾ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰ ਸਕਦਾ ਹੈ ਤਾਂ ਉਹ ਸੂਬੇ ਦੇ ਪਾਣੀਆਂ ਦੀ ਵੀ ਰਾਖੀ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨਾਲ ਲਗਦੀ 532 ਕਿਲੋਮੀਟਰ ਲੰਬੀ ਸਰਹੱਦ ਦੀ ਰਾਖੀ ਲਈ ਮਹਾਨ ਕੁਰਬਾਨੀਆਂ ਦੇਣ ਦਾ ਪੰਜਾਬ ਦਾ ਸ਼ਾਨਦਾਰ ਇਤਿਹਾਸ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਵਾਰ ਪੰਜਾਬੀ ਪਾਕਿਸਤਾਨੀ ਫੌਜ ਨੂੰ ਮੂੰਹ ਤੋੜ ਜਵਾਬ ਦੇਣ ਵਿੱਚ ਵੀ ਸਭ ਤੋਂ ਮੋਹਰੀ ਸਨ ਅਤੇ ਦੂਜੇ ਪਾਸੇ ਉਨ੍ਹਾਂ ਨੇ ਆਪਣੇ ਹਿੱਸੇ ਦਾ ਪਾਣੀ ਬਚਾਉਣ ਲਈ ਵੀ ਮੂਹਰੇ ਹੋ ਕੇ ਲੜਾਈ ਲੜੀ।

ਮੁੱਖ ਮੰਤਰੀ ਨੇ ਕਿਹਾ ਕਿ ਲਗਪਗ 20 ਦਿਨਾਂ ਤੱਕ ਸੂਬੇ ਦੇ ਮਿਹਨਤੀ ਅਤੇ ਸੁਚੇਤ ਲੋਕਾਂ ਨੇ ਹਰਿਆਣਾ ਅਤੇ ਕੇਂਦਰ ਨੂੰ ਪੰਜਾਬ ਤੋਂ ਇੱਕ ਵੀ ਬੂੰਦ ਪਾਣੀ ਚੋਰੀ ਨਹੀਂ ਕਰਨ ਦਿੱਤੀ। ਉਨ੍ਹਾਂ ਕਿਹਾ ਕਿ ਸਾਲਾਂ ਤੋਂ ਬੀ.ਬੀ.ਐਮ.ਬੀ. ਰਾਹੀਂ ਪੰਜਾਬ ਦੇ ਪਾਣੀ ਨੂੰ ਦੂਜੇ ਸੂਬਿਆਂ ਨੂੰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਕਾਂਗਰਸ, ਅਕਾਲੀਆਂ ਅਤੇ ਭਾਜਪਾ ਦੇ ਹੱਥ ਪੰਜਾਬੀਆਂ ਦੇ ਖੂਨ ਨਾਲ ਰੰਗੇ ਹੋਏ ਹਨ ਕਿਉਂਕਿ ਇਨ੍ਹਾਂ ਪਾਰਟੀਆਂ ਨੇ ਆਪਣੇ ਨਿੱਜੀ ਹਿੱਤਾਂ ਲਈ ਸੂਬੇ ਦੇ ਪਾਣੀ ਦੇ ਅਧਿਕਾਰਾਂ ਨੂੰ ਨਜ਼ਰਅੰਦਾਜ਼ ਕਰਕੇ ਉਨ੍ਹਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਪਿਛਲੇ ਆਗੂਆਂ ਨੇ ਕਈ ਮੁੱਦਿਆਂ 'ਤੇ ਸੂਬੇ ਦੇ ਹਿੱਤਾਂ ਨਾਲੋਂ ਆਪਣੇ ਹਿੱਤਾਂ ਨੂੰ ਮਹੱਤਵ ਦੇ ਕੇ ਲੋਕਾਂ ਨਾਲ ਗੱਦਾਰੀ ਕੀਤੀ ਹੈ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਵਿਮਲ ਕੁਮਾਰ ਸੇਤੀਆ ਚੇਅਰਮੈਨ ਦਲਵੀਰ ਸਿੰਘ ਢਿੱਲੋ, ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਚੇਅਰਮੈਨ ਮਹਿੰਦਰ ਸਿੰਘ ਸਿੱਧੂ, ਆਪ ਆਗੂ ਜਸਵੀਰ ਸਿੰਘ ਜੱਸੀ ਸੇਖੋਂ, ਡਾਕਟਰ ਅਨਵਰ ਭਸੌੜ, ਗੁਰਤੇਜ ਸਿੰਘ,, ਤੇਜੀ , ਗਗਨ ਜਵੰਦਾ, ਜਸਵਿੰਦਰ ਘਨੌਰ, ਸੁਰਜੀਤ ਸਿੰਘ ਰਾਜੋਮਾਜਰਾ ,ਜਸਵਿੰਦਰ ਸਿੰਘ ਬੁਮਾਲ ਮਿਲਖ ਰਾਜ ਧੂਰੀ , ਨੰਬਰਦਾਰ ਰਜਿੰਦਰ ਸਿੰਘ ਪੇਧਨੀ, ਸਰਬਜੀਤ ਸਿੰਘ ਮਾਮਾ, ਨਵਜੋਤ, ਅਰਸ, ਹਰਦੀਪ ,ਸੰਭੂ, ਬੱਬੂ ਧੂਰੀ ਸਰਪੰਚ ਜੱਗਾ ਭੋਜੋਵਾਲੀ , ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਲਾਲੀ ਬੰਗਾਵਾਲੀ ਤੇ ਹੋਰ ਸ਼ਖਸੀਅਤਾਂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV


ਸੱਦਾ ਪੱਤਰ

ਅਕਾਲੀ ਦਲ ਬਚਾਉਣਾ ਹੈ , ਪੰਥ ਦੀ ਝੋਲੀ ਪਾਉਣਾ ਹੈ

ਪੰਥਕ ਇਕੱਤਰਤਾ

29 ਮਈ , 2025 ਦਿਨ ਵੀਰਵਾਰ

ਸਮਾਂ - ਸ਼ਾਮ 5 ਵਜੇ

SCO ਨੰਬਰ 23 , ਕਬੀਰ ਪਾਰਕ ਮਾਰਕਿਟ

ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਹਮਣੇ

ਸ੍ਰੀ ਅੰਮ੍ਰਿਤਸਰ ਸਾਹਿਬ

ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ

ਗਿਆਨੀ ਹਰਪ੍ਰੀਤ ਸਿੰਘ (ਜੱਥੇਦਾਰ ਸਾਹਿਬਾਨ)

ਬੀਬੀ ਸਤਵੰਤ ਕੌਰ (ਮੈਂਬਰ, ਪੰਜ ਮੈਂਬਰੀ ਕਮੇਟੀ)

ਅਜੇਪਾਲ ਸਿੰਘ ਬਰਾੜ (ਪ੍ਰਧਾਨ ਮਿਸਲ ਸਤਲੁਜ)

ਦਵਿੰਦਰ ਸਿੰਘ ਸੇਖੋਂ (ਜਰਨਲ ਸਕੱਤਰ, ਮਿਸਲ ਸਤਲੁਜ)

ਪਰਮਪਾਲ ਸਿੰਘ ਸਭਰਾ (ਸਿੱਖ ਅਲਾਇੰਸ)

ਮਿਸਲ ਸਤਲੁਜ

ਆਪ ਜੀ ਨੂੰ ਬੇਨਤੀ ਹੈ ਕਿ ਇਸ ਪੰਥਕ ਇਕੱਠ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

ਬੀਬੀ ਜਸਮੀਤ ਕੌਰ ਛੀਨਾ 98559-73085

ਹੁਸਨਦੀਪ ਸਿੰਘ ਗਿੱਲ 98882-80432

ਜਗਤਾਰ ਸਿੰਘ ਗਿੱਲ 98763-41981

ਗੁਰੂ ਸਵਾਰੀ ਸੰਗਤ ਜੀਓ,

ਵਾਹਿਗੁਰੂ ਜੀ ਕਾ ਖਾਲਸਾ

ਵਾਹਿਗੁਰੂ ਜੀ ਕਈ ਫਤਿਹ ਜੀ

ਸਮੂੰਹ ਸੰਗਤ ਨੂੰ ਬੇਨਤੀ ਹੈ ਜੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮਾਂ ਅਨੁਸਾਰ ਸ਼ੁਰੂ ਹੋਈ ਭਰਤੀ ਦੀ ਮਹਿੰਮ ਨੂੰ ਮਾਝੇ ਵਿੱਚ ਜ਼ੋਰ- ਸ਼ੋਰ ਨਾਲ ਚਲਾਉਣ ਲਈ ਮਿਤੀ 29 ਮਈ ਨੂੰ ਮਿਸਲ ਸਤਲੁਜ ਵੱਲੋਂ ਮਿਸਲ ਦੇ ਦਫ਼ਤਰ, ਕਬੀਰ ਪਾਰਕ ਮਾਰਕੀਟ ਵਿੱਚ ਸ਼ਾਮ 4 ਵਜੇ ਤੋਂ 7 ਵਜੇ ਤੱਕ ਇੱਕ ਪੰਥਕ ਇਕੱਠ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਆਪ ਸਭ ਨੂੰ ਹੁੰਮ -ਹੁਮਾ ਕੇ ਪਹੁੰਚਣ ਦੀ ਅਪੀਲ ਹੈ ਜੀ, ਆਪ ਜੀਆਂ ਦੀ ਹਾਜ਼ਰੀ ਇਸ ਨਵੇਂ ਬਣ ਰਹੇ ਅਕਾਲੀ ਦਲ ਨੂੰ ਪੰਥਕ ਕਦਰਾਂ ਕੀਮਤਾਂ ਤੇ ਪੂਰਾ ਉਤਰਨ ਲਈ ਅਤੇ ਅਸਮਾਨ ਦੀਆਂ ਬੁਲੰਦੀਆਂ ਨੂੰ ਛੂਹਣ ਵਿੱਚ ਅਤਿਅੰਤ ਸਹਾਈ ਹੋਵੇਗੀ ਆਸ ਕਰਦੇ ਹਾਂ ਹਰੇਕ ਮਾਈ - ਭਾਈ ਜੋ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੂੰ ਸਮਰਪਿਤ ਹੈ ਅਤੇ ਸਿੱਖੀ ਸਿਧਾਂਤਾਂ ਤੇ ਡਟ ਕੇ ਪਹਿਰਾ ਦੇਣ ਦਾ ਇੱਛੁਕ ਹੈ ਜਰੂਰ ਹੀ ਇਸ ਸਮਾਗਮ ਵਿੱਚ ਦਰਸ਼ਣ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

--★ ਧੰਨਵਾਦ ਸਹਿਤ ★--

ਸੇਵਾਦਾਰ : ਜਸਮੀਤ ਕੌਰ ਛੀਨਾ

9855973085

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

## 2 ਜੂਨ ਨੂੰ ਪਿੰਡ ਰੋਡੇ ਪਹੁੰਚੋ



**ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ**

**ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ**

ਜਦੋਂ ਵੀ ਪੰਥ ਦੇ ਸਿਰਮੌਰ ਸ਼ਹੀਦ, ਸੁਯੋਗ ਅਗਵਾਈ, ਗੁਰਬਾਣੀ ਦੇ ਅਦਬ ਸਤਿਕਾਰ, ਕੌਮੀ ਹੱਕਾਂ, ਸਿੱਖਾਂ ਦੀ ਆਜ਼ਾਦੀ ਜਾਂ ਖ਼ਾਲਸਾ ਰਾਜ ਦੀ ਗੱਲ ਚੱਲਦੀ ਹੈ ਤਾਂ ਵਿਸ਼ੇਸ਼ ਤੌਰ 'ਤੇ ਹਰ ਸਿੱਖ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਨਾਮ ਲੈ ਕੇ ਸੰਗਤਾਂ ਨੂੰ ਪ੍ਰੇਰਿਤ ਕਰਦਾ ਹੈ, ਉਨ੍ਹਾਂ ਮਹਾਨ ਮਹਾਂਪੁਰਖਾਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖ਼ਾਲਸਾ ਰੋਡੇ ਵਿਖੇ ਹਰ ਸਾਲ ਦੀ ਤਰ੍ਹਾਂ ਬਹੁਤ ਉਤਸ਼ਾਹ ਸਹਿਤ 2 ਜੂਨ 2025 ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਨ ਦੇ ਸਬੰਧ ਵਿੱਚ ਬਹੁਤ ਵੱਡੇ ਪੱਧਰ ਤੇ ਗੁਰਮਤਿ ਸਮਾਗਮ ਹਰ ਸਾਲ ਦੀ ਤਰ੍ਹਾਂ ਕਰਵਾਏ ਜਾ ਰਹੇ ਹਨ, ਸੋ ਵੱਡੇ ਪ੍ਰਬੰਧ ਕਰਨ ਲਈ ਆਪ ਸੰਗਤਾਂ ਦੇ ਸਹਿਯੋਗ ਦੀ ਬਹੁਤ ਲੋੜ ਹੈ, ਆਪ ਜੀ ਥੋੜ੍ਹੇ ਵਿਚੋਂ ਥੋੜ੍ਹਾ ਅਤੇ ਬਹੁਤੇ ਵਿਚੋਂ ਬਹੁਤਾ ਸਹਿਯੋਗ ਤਿਲ ਫੁੱਲ ਮਾਇਆ ਸਹਿਤ ਕਰਨ ਦੀ ਕ੍ਰਿਪਾਲਤਾ ਕਰਨੀ ਜੀ, ਵਾਹਿਗੁਰੂ ਜੀ ਸਭ ਨੂੰ ਚੜ੍ਹਦੀਕਲਾ ਵਿੱਚ ਰੱਖਣ, ਸਿੱਧੀ ਸੇਵਾ ਭੇਜਣ ਲਈ ਗੁਰਦੁਆਰਾ ਸੰਤ ਖ਼ਾਲਸਾ (ਜਨਮ ਅਸਥਾਨ, ਸੰਤ ਭਿੰਡਰਾਂਵਾਲੇ) ਪਿੰਡ ਰੋਡੇ ਦਾ ਬੈਂਕ ਖ਼ਾਤਾ ਨੰਬਰ ਹੈ :

**PUNJAB NATIONAL BANK BAGHA PURANA**
**DISTRICT MOGA PUNJAB, INDIA-142038**
**A/C - 1747102100000016 GURDWARA SANT KHALSA**
**JANAM ASTHAN SANT GIANI JARNAIL SINGH JI**
**IFSC:PUNB0063710, SWIFTPUNBINBBLIA**

**ਸਿਰਫ਼ ਸੰਤਾਂ ਦਾ ਨਾਮ ਹੀ ਨਾ ਵਰਤੀਏ, ਸਗੋਂ ਉਨ੍ਹਾਂ ਦੇ ਜਨਮ ਦਿਨ ਦੇ ਮਹਾਨ ਸਮਾਗਮ ਵਿੱਚ ਸ਼ਾਮਿਲ ਹੋਈਏ, ਮਾਇਆ ਦਾ ਸਹਿਯੋਗ ਦਿੰਦੇ ਹੋਏ ਤਨ, ਮਨ ਕਰਕੇ ਸਮਰਪਿਤ ਹੁੰਦਿਆਂ ਉਨ੍ਹਾਂ ਦਾ ਉਪਦੇਸ਼ ਵੀ ਕਮਾਈਏ**

ਆਵਾਜ਼ਿ ਕੌਮ AWAZE QAUM International Newspaper & WEB TV